TOURIST VISA USA CANADA
SCHENGEN/ UK AUSTRALIA/ NZ
1140 VISA
1 ਜਨਵਰੀ 2025 ਤੋਂ 18 ਜੂਨ 2025 ਤੱਕ ਲੱਗੇ
easyvisa
8283 000800

ਰੋਜ਼ਾਨਾ
# ਲੋਕ ਬਾਣੀ
ਸੱਚ ਤੇ ਨਿਡਰ ਆਵਾਜ਼
ਮੁੱਖ ਸੰਪਾਦਕ : ਅਮਨਦੀਪ ਮਹਿਰਾ
Daily Lokbani, Jalandhar
ਐਤਵਾਰ, 31 ਅਗਸਤ, 2025
Email : lokbani08@gmail.com

ਧੰਨਵਾਦ
ਹਰ ਦਿਨ ਪੰਜਾਬ ਭਰ 'ਚੋਂ ਅਦਾਰੇ ਨੂੰ ਮਿਲ ਰਹੇ ਸਹਿਯੋਗ ਲਈ ਦਿਲੋਂ ਧੰਨਵਾਦ

ਮੁੱਖ ਸੰਪਾਦਕ : ਅਮਨਦੀਪ ਮਹਿਰਾ

R. N. I. Punpun/29016/2008 | ਸਾਲ : 17 ਅੰਕ: 11 | ਮੁੱਲ : 06 ਰੁਪਏ • ਕੁੱਲ ਪੰਨੇ : 10, ਦਫ਼ਤਰ : 2211009, M : +91 99155 94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਜੰਮੂ-ਕਸ਼ਮੀਰ 'ਚ ਬੱਦਲ ਫਟਣ ਤੇ ਢਿੱਗਾਂ ਡਿੱਗਣ ਕਾਰਨ 11 ਮੌਤਾਂ

## ਰਾਮਬਨ ਅਤੇ ਰਿਆਸੀ ਜ਼ਿਲ੍ਹੇ ਵਿੱਚ ਵਾਪਰੀਆਂ ਘਟਨਾਵਾਂ

ਜੰਮੂ (ਲੋਕ ਬਾਣੀ)-ਜੰਮੂ ਅਤੇ ਕਸ਼ਮੀਰ ਦੇ ਰਾਮਬਨ ਜ਼ਿਲ੍ਹੇ ਦੇ ਇੱਕ ਦੂਰ-ਦੁਰਾਡੇ ਪਿੰਡ ਵਿੱਚ ਬੱਦਲ ਫਟਣ ਕਾਰਨ ਦੋ ਭਰਾਵਾਂ ਸਮੇਤ ਚਾਰ ਲੋਕਾਂ ਦੀ ਮੌਤ ਹੋ ਗਈ ਹੈ। ਇਸ ਦੌਰਾਨ ਦੋ ਘਰਾਂ ਅਤੇ ਇੱਕ ਸਕੂਲ ਨੂੰ ਨੁਕਸਾਨ ਪਹੁੰਚਿਆ। ਅਧਿਕਾਰੀਆਂ ਨੇ ਦੱਸਿਆ ਕਿ ਸ਼ੁੱਕਰਵਾਰ ਨੂੰ ਰਾਤ ਲਗਭਗ 11.30 ਵਜੇ ਜ਼ਿਲ੍ਹਾ ਹੈੱਡਕੁਆਰਟਰ ਤੋਂ ਲਗਭਗ 25 ਕਿਲੋਮੀਟਰ ਦੂਰ ਸਥਿਤ ਪਹਾੜੀ ਰਾਜਗੜ੍ਹ ਵਿੱਚ ਬੱਦਲ ਫਟਣ ਨਾਲ ਅਚਾਨਕ ਹੜ੍ਹ ਆ ਗਿਆ। ਰਾਮਬਨ ਦੇ ਡਿਪਟੀ ਕਮਿਸ਼ਨਰ ਮੁਹੰਮਦ ਅਲੀਅਸ ਖਾਨ ਨੇ ਪੀਟੀਆਈ ਨੂੰ ਦੱਸਿਆ, ÷ਸਥਾਨਕ ਵਲੰਟੀਅਰਾਂ, ਪੁਲੀਸ ਅਤੇ ਐੱਸਡੀਆਰਐੱਫ ਦੀਆਂ ਬਚਾਅ ਟੀਮਾਂ ਵੱਲੋਂ ਭਾਰੀ ਖੋਜ ਤੋਂ ਬਾਅਦ ਚਾਰ ਲੋਕਾਂ ਦੀਆਂ ਲਾਸ਼ਾਂ ਮਲਬੇ ਹੇਠੋਂ ਬਰਾਮਦ ਕੀਤੀਆਂ ਗਈਆਂ।÷ ਇੱਕ ਹੋਰ ਲਾਪਤਾ ਵਿਅਕਤੀ ਦੀ ਲਾਸ਼ ਦੀ ਭਾਲ ਜਾਰੀ ਹੈ। ਅਧਿਕਾਰੀਆਂ ਨੇ ਮ੍ਰਿਤਕਾਂ ਦੀ ਪਛਾਣ ਅਸ਼ਵਨੀ ਸ਼ਰਮਾ (24), ਉਸ ਦੇ ਭਰਾ ਦਵਾਰਕਾ ਨਾਥ (55), ਭਤੀਜੀ ਵਿਰਤਾ ਦੇਵੀ (26) ਅਤੇ ਉਨ੍ਹਾਂ ਦੇ



ਮਹਿਮਾਨ ਓਮ ਰਾਜ (38), ਜੋ ਰਾਜਗੜ੍ਹ ਦੇ ਬਾਂਸਰਾ ਦਾ ਰਹਿਣ ਵਾਲਾ ਸੀ, ਵਜੋਂ ਕੀਤੀ ਹੈ। ਬਚਾਅ ਕਰਮੀ ਸ਼ਰਮਾ ਦੀ ਭਰਜਾਈ ਬਿਦਿਆ ਦੇਵੀ (55) ਦੀ ਭਾਲ ਕਰ ਰਹੇ ਹਨ। ਇੱਕ ਸਥਾਨਕ ਵਿਅਕਤੀ ਅਜੈ ਕੁਮਾਰ ਨੇ ਕਿਹਾ, ÷ਬੱਦਲ ਪਿੰਡ ਦੇ ਪਹਾੜੀ ਇਲਾਕੇ ਵਿੱਚ ਪ੍ਰਾਇਮਰੀ ਸਕੂਲ ਦੇ ਨੇੜੇ ਫਟਿਆ ਅਤੇ ਡਰੂਬਲਾ-ਗੁਡਗ੍ਰਾਮ ਪਿੰਡ ਵਿੱਚੋਂ ਇੱਕ ਤੇਜ਼ ਵਹਿੰਦੀ ਨਦੀ ਬਣਾਈ, ਜਿਸ ਨਾਲ ਸਕੂਲ ਦੀ ਇਮਾਰਤ ਤੋਂ ਇਲਾਵਾ ਦੋ ਰਿਹਾਇਸ਼ੀ ਘਰ ਅਤੇ ਇੱਕ ਗਊਸ਼ਾਲਾ ਵੀ ਰੁੜ੍ਹ ਗਏ।

# ਪੰਜਾਬੀ ਯੂਨੀਵਰਸਿਟੀ ਵਿਵਾਦ: ਵਾਈਸ ਚਾਂਸਲਰ ਨੇ ਮੁਆਫ਼ੀ ਮੰਗੀ

ਪਟਿਆਲਾ (ਲੋਕ ਬਾਣੀ)-ਪੰਜਾਬੀ ਯੂਨੀਵਰਸਿਟੀ ਦੇ ਵਾਈਸ-ਚਾਂਸਲਰ (ਵੀਸੀ) ਜਗਦੀਪ ਸਿੰਘ, ਡੀਨ (ਅਕਾਦਮਿਕ) ਜਸਵਿੰਦਰ ਸਿੰਘ ਬਰਾੜ, ਰਜਿਸਟਰਾਰ ਦਵਿੰਦਰ ਸਿੰਘ, ਪਬਲੀਕੇਸ਼ਨ ਬਿਊਰੋ ਇੰਚਾਰਜ ਹਰਜਿੰਦਰਪਾਲ ਸਿੰਘ ਕਾਲੜਾ ਅਤੇ ਹੋਰਾਂ ਵਿਰੁੱਧ ਕਥਿਤ ਤੌਰ 'ਤੇ 'ਮਹਾਨ ਕੋਸ਼' ਦੀਆਂ ਗ਼ਲਤੀਆਂ ਵਾਲੀਆਂ ਕਾਪੀਆਂ ਨੂੰ ÷ਦੱਬਣ ਲਈ ਟੋਏ ਪੁੱਟਣ÷ ਦੇ ਦੋਸ਼ ਵਿੱਚ ਅਰਬਨ ਅਸਟੇਟ ਪੁਲੀਸ ਵੱਲੋਂ ਕੇਸ ਦਰਜ ਕਰਨ ਤੋਂ ਇੱਕ ਦਿਨ ਬਾਅਦ ਵੀਸੀ ਨੇ ਲਿਖਤੀ ਮੁਆਫ਼ੀ ਮੰਗਦਿਆਂ ਸਪੱਸ਼ਟ ਕੀਤਾ ਕਿ 'ਮਹਾਨ ਕੋਸ਼' ਦੀਆਂ ਗ਼ਲਤ ਕਾਪੀਆਂ ਨੂੰ ਨਸ਼ਟ ਕਰਨ ਵਿੱਚ ਕੋਈ ਗਲਤ ਇਰਾਦਾ ਨਹੀਂ ਸੀ। ਇਸ ਤੋਂ ਇਲਾਵਾ ਯੂਨੀਵਰਸਿਟੀ ਅਧਿਕਾਰੀ ਪਛਤਾਵਾ ਜ਼ਾਹਰ ਕਰਨ ਅਤੇ ਗ਼ਲਤੀ ਲਈ ਮਾਫ਼ੀ ਮੰਗਣ ਲਈ ਯੂਨੀਵਰਸਿਟੀ ਗੁਰਦੁਆਰੇ ਵਿੱਚ ਪਾਠ ਵੀ ਕਰਵਾ ਰਹੇ ਹਨ ਸ਼ੁੱਕਰਵਾਰ ਨੂੰ ਪਟਿਆਲਾ ਪੁਲੀਸ ਨੇ ਦੋਸ਼ੀਆਂ ਵਿਰੁੱਧ ਭਾਰਤੀ ਨਿਆ ਸੰਹਿਤਾ, 2023 ਦੀ ਧਾਰਾ 298 ਦੇ ਤਹਿਤ ਮਾਮਲਾ ਦਰਜ ਕੀਤਾ ਸੀ, ਜੋ ਕਿਸੇ ਵੀ ਧਰਮ ਦੇ ਅਪਮਾਨ ਦੇ ਇਰਾਦੇ ਨਾਲ ਪੂਜਾ ਸਥਾਨ ਨੂੰ ਨੁਕਸਾਨ ਪਹੁੰਚਾਉਣ ਨਾਲ ਸਬੰਧਤ ਹੈ।

# ਘੱਗਰ ਨਦੀ ਵਿੱਚ ਪਾਣੀ ਵਧਣ ਕਰਕੇ ਲੋਕਾਂ ਵਿੱਚ ਸਹਿਮ ਦਾ ਮਾਹੌਲ

ਚੰਡੀਗੜ੍ਹ (ਲੋਕ ਬਾਣੀ)-ਜੰਮੂ ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਦੀਆਂ ਪਹਾੜੀਆਂ ਵਿੱਚ ਪਿਛਲੇ ਕਈ ਦਿਨਾਂ ਤੋਂ ਪੈ ਰਹੇ ਮੀਂਹ ਕਰਕੇ ਪੰਜਾਬ ਦੇ ਅੱਠ ਜਿਲ੍ਹਿਆਂ ਵਿੱਚ ਹੜ੍ਹਾਂ ਨੇ ਤਬਾਹੀ ਮਚਾਈ ਹੋਈ ਹੈ। ਇਸ ਦੇ ਨਾਲ ਹੀ ਲੰਘੇ ਦਿਨ ਤੋਂ ਘੱਗਰ ਨਦੀ ਵਿੱਚ ਪਾਣੀ ਦਾ ਪੱਧਰ ਵਧਣ ਕਰਕੇ ਮੁਹਾਲੀ, ਪਟਿਆਲਾ, ਸੰਗਰੂਰ ਅਤੇ ਮਾਨਸਾ ਵਿੱਚ ਵੀ ਲੋਕ ਸਹਿਮੇ ਹੋਏ ਹਨ। ਇਨ੍ਹਾਂ ਚਾਰੇ ਜਿਲ੍ਹਿਆਂ ਵਿੱਚ ਸਥਾਨਕ ਪ੍ਰਸ਼ਾਸਨ ਵੱਲੋਂ ਘੱਗਰ ਨਦੀ ਤੇ ਹਰ ਸਮੇਂ ਨਜ਼ਰ ਰੱਖੀ ਜਾ ਰਹੀ ਹੈ। ਇਸ ਦੇ ਨਾਲ ਹੀ ਵੱਖ-ਵੱਖ ਥਾਵਾਂ ਤੇ ਲੋੜੀਂਦੀ ਸਫਾਈ ਵੀ ਕੀਤੀ ਜਾ ਰਹੀ ਹੈ। ਪਟਿਆਲਾ ਪ੍ਰਸ਼ਾਸਨ ਵੱਲੋਂ ਘੱਗਰ ਵਿੱਚ ਪਾਣੀ ਵਧਣ ਕਰਕੇ ਲੰਘੀ ਰਾਤ ਘੱਗਰ ਨੇੜਲੇ ਕੁਝ ਪਿੰਡਾਂ ਵਿੱਚ ਚੇਤਾਵਨੀ ਜਾਰੀ ਕਰਦਿਆਂ ਲੋਕਾਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ ਸੀ। ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਨੇ ਦੱਸਿਆ ਹੈ ਕਿ ਘੱਗਰ, ਟਾਂਗਰੀ, ਮਾਰਕੰਡਾ ਅਤੇ ਹੋਰ ਡਰੇਨਾਂ ਵਿੱਚ ਪਾਣੀ ਦੇ ਸੁਚਾਰੂ ਵਹਾਅ ਨੂੰ ਯਕੀਨੀ ਬਣਾਉਣ ਲਈ ਪ੍ਰਸ਼ਾਸਨ ਦੀਆਂ ਟੀਮਾਂ ਅਤੇ ਮਸ਼ੀਨਰੀ ਸਾਰੀਆਂ ਮਹੱਤਵਪੂਰਨ ਥਾਂਵਾਂ 'ਤੇ ਕੰਮ ਕਰ ਰਹੀਆਂ ਹਨ।

# ਟਰੰਪ ਕੋਲ ਹਰ ਦੇਸ਼ 'ਤੇ ਵਿਆਪਕ ਟੈਕਸ ਲਾਉਣ ਦਾ ਅਧਿਕਾਰ ਨਹੀਂ: ਸੰਘੀ ਅਦਾਲਤ

## 'ਜੇ ਇਹ ਖ਼ਤਮ ਹੋਏ ਤਾਂ ਪੂਰੇ ਦੇਸ਼ ਲਈ ਤਬਾਹੀ ਹੋਵੇਗੀ'; ਅਦਾਲਤ ਵੱਲੋਂ ਟੈਕਸਾਂ ਨੂੰ 'ਗ਼ੈਰ-ਕਾਨੂੰਨੀ' ਐਲਾਨਣ 'ਤੇ ਟਰੰਪ ਦਾ ਬਿਆਨ

ਵਾਸ਼ਿੰਗਟਨ (ਲੋਕ ਬਾਣੀ)-ਅਮਰੀਕਾ ਦੀ ਸੰਘੀ ਅਦਾਲਤ ਨੇ ਅਦਾਲਤ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਰਾਸ਼ਟਰਪਤੀ ਡੋਨਲਡ ਟਰੰਪ ਕੋਲ ਲਗਪਗ ਹਰ ਦੇਸ਼ 'ਤੇ ਵਿਆਪਕ ਟੈਕਸ ਲਗਾਉਣ ਦਾ ਕੋਈ ਕਾਨੂੰਨੀ ਅਧਿਕਾਰ ਨਹੀਂ ਸੀ। ਹਾਲਾਂਕਿ ਅਦਾਲਤ ਨੇ ਫਿਲਹਾਲ ਉਸ ਦੇ ਅਮਰੀਕੀ ਅਰਥਚਾਰੇ ਦੁਆਲੇ ਇੱਕ ਸੁਰੱਖਿਆਵਾਦੀ ਕੰਧ ਬਣਾਉਣ ਦੇ ਯਤਨ ਨੂੰ ਬਰਕਰਾਰ ਰੱਖਿਆ ਹੈ। ਯੂ.ਐੱਸ. ਕੋਰਟ ਆਫ਼ ਅਪੀਲਜ਼ ਫਾਰ ਦ ਫੈਡਰਲ ਸਰਕਟ ਨੇ ਫੈਸਲਾ ਦਿੱਤਾ ਕਿ ਟਰੰਪ ਨੂੰ ਕੌਮੀ ਐਮਰਜੈਂਸੀ ਦਾ ਐਲਾਨ ਕਰਨ ਅਤੇ ਲਗਪਗ ਹਰ ਦੇਸ਼ 'ਤੇ ਦਰਾਮਦ ਟੈਕਸ ਲਗਾਉਣ ਦੀ ਕਾਨੂੰਨੀ ਇਜਾਜ਼ਤ ਨਹੀਂ ਸੀ। ਇਹ ਫੈਸਲਾ ਨਿਊਯਾਰਕ ਦੀ ਇੱਕ ਵਿਸ਼ੇਸ਼ ਫੈਡਰਲ ਵਪਾਰ ਅਦਾਲਤ ਦੇ ਮਈ ਦੇ ਫੈਸਲੇ ਨੂੰ ਬਰਕਰਾਰ ਰੱਖਦਾ ਹੈ। ਜੱਜਾਂ ਨੇ 7-4 ਦੇ ਫੈਸਲੇ ਵਿੱਚ ਲਿਖਿਆ, ÷ਇਹ ਅਸੰਭਵ ਜਾਪਦਾ ਹੈ ਕਿ ਕਾਂਗਰਸ ਦਾ ਇਰਾਦਾ... ਰਾਸ਼ਟਰਪਤੀ ਨੂੰ ਟੈਕਸ ਲਗਾਉਣ ਦਾ ਅਸੀਮਤ ਅਧਿਕਾਰ ਦੇਣਾ ਸੀ।




# ਵੋਟਰ ਸੂਚੀ 'ਚੋਂ ਨਾਂ ਕਟਵਾਉਣ ਲਈ ਦੋ ਲੱਖ ਲੋਕਾਂ ਨੇ ਦਿੱਤੀਆਂ ਅਰਜ਼ੀਆਂ

ਨਵੀਂ ਦਿੱਲੀ (ਲੋਕ ਬਾਣੀ)-ਚੋਣ ਕਮਿਸ਼ਨ ਨੇ ਅੱਜ ਇੱਥੇ ਦੱਸਿਆ ਕਿ ਬਿਹਾਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਵਿਆਪਕ ਸੋਧ ਤਹਿਤ ਵੋਟਰ ਸੂਚੀ ਵਿੱਚੋਂ ਨਾਮ ਕਟਵਾਉਣ ਲਈ ਵਿਅਕਤੀਆਂ ਤੋਂ 1.98 ਲੱਖ ਅਰਜ਼ੀਆਂ ਪ੍ਰਾਪਤ ਹੋਈਆਂ ਹਨ। ਇਸੇ ਤਰ੍ਹਾਂ ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ ਲਈ ਕਰੀਬ 30,000 ਲੋਕਾਂ ਨੇ ਅਰਜ਼ੀਆਂ ਦਿੱਤੀਆਂ ਹਨ। ਖਰੜਾ ਵੋਟਰ ਸੂਚੀਆਂ 1 ਅਗਸਤ ਨੂੰ ਪ੍ਰਕਾਸ਼ਿਤ ਕੀਤੀਆਂ ਗਈਆਂ ਸਨ ਅਤੇ ਵਿਅਕਤੀਆਂ ਅਤੇ ਸਿਆਸੀ ਪਾਰਟੀਆਂ ਵੱਲੋਂ 1 ਸਤੰਬਰ ਤੱਕ 'ਦਾਅਵੇ ਅਤੇ ਇਤਰਾਜ਼' ਦਰਜ ਕਰਵਾਏ ਜਾ ਸਕਦੇ ਹਨ। ਚੋਣ ਕਾਨੂੰਨਾਂ ਤਹਿਤ ਲੋਕਾਂ ਅਤੇ ਪਾਰਟੀਆਂ ਨੂੰ ਖਰੜਾ ਸੂਚੀ ਵਿੱਚ ਉਨ੍ਹਾਂ ਨਾਵਾਂ ਨੂੰ ਸ਼ਾਮਲ ਕਰਨ ਨੂੰ ਚੁਣੌਤੀ ਦੇਣ ਦਾ ਅਧਿਕਾਰ ਹੈ, ਜੋ ਉਹ ਸੋਚਦੇ ਹਨ ਕਿ ਅਯੋਗ ਹਨ। ਇਸੇ ਤਰ੍ਹਾਂ ਉਹ ਲੋਕ ਵੀ ਸ਼ਾਮਲ ਕਰਨ ਦੀ ਮੰਗ ਕਰ ਸਕਦੇ ਹਨ, ਜੋ ਸੋਚਦੇ ਹਨ ਕਿ ਉਹ ਯੋਗ ਹਨ ਪਰ ਬਾਹਰ ਰਹਿ ਗਏ ਹਨ। ਬਿਹਾਰ ਲਈ ਅੰਤਿਮ ਵੋਟਰ ਸੂਚੀ, ਜਿਸ ਵਿੱਚ ਨਵੰਬਰ ਵਿੱਚ ਚੋਣਾਂ ਹੋਣ ਦੀ ਸੰਭਾਵਨਾ ਹੈ, 30 ਸਤੰਬਰ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।




1140 VISA
1 ਜਨਵਰੀ 2025 ਤੋਂ 18 ਜੂਨ 2025 ਤੱਕ ਲੱਗੇ
TOURIST VISA
CANADA/ USA
SCHENGEN/ AUSTRALIA/ UK/ NZ
easyvisa
8283 000800
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ



ਲੋਕ ਬਾਣੀ
ਰੋਜ਼ਾਨਾ ਲੋਕ ਬਾਣੀ
www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009

# ਕੈਬਨਿਟ ਮੰਤਰੀ ਮੋਹਿੰਦਰ ਭਗਤ ਵਲੋਂ ਡਾਇਰੀਆ ਪ੍ਰਭਾਵਿਤ ਇਲਾਕੇ ਦਾ ਦੌਰਾ

## - ਸਿਹਤ ਵਿਭਾਗ ਅਤੇ ਨਗਰ ਨਿਗਮ ਨੂੰ ਤੁਰੰਤ ਬਣਦੀ ਕਰਵਾਈ ਕਰਨ ਦੇ ਦਿੱਤੇ ਨਿਰਦੇਸ਼

ਜਲੰਧਰ, (ਲੋਕ ਬਾਣੀ)–: ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ ਸ਼ਹਿਰ ਦੇ ਵਾਰਡ ਨੰ. 60 ਵਿਖੇ ਨਿਊ ਗੌਤਮ ਨਗਰ ਦਾ ਦੌਰਾ ਕੀਤਾ, ਜਿਥੇ ਪਿਛਲੇ ਦਿਨੀਂ ਡਾਇਰੀਆ ਦੇ ਕੇਸ ਸਾਹਮਣੇ ਆਏ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੀੜਤ ਪਰਿਵਾਰਾਂ ਨਾਲ ਚੱਟਾਨ ਵਾਂਗ ਖੜ੍ਹੀ ਹੈ ਅਤੇ ਪ੍ਰਭਾਵਿਤਾਂ ਨੂੰ ਇਲਾਜ ਸਮੇਤ ਹੋਰ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸ਼੍ਰੀ ਭਗਤ ਨੇ ਕਿਹਾ ਕਿ ਡਾਇਰੀਆ ਦੇ ਕੇਸ ਸਾਹਮਣੇ ਆਉਣ 'ਤੇ



ਪ੍ਰਸ਼ਾਸਨ ਵੱਲੋਂ ਤੁਰੰਤ ਅਹਿਤਿਆਤੀ ਕਦਮ ਚੁੱਕਦਿਆਂ ਇਲਾਕੇ ਵਿੱਚ ਬਿਮਾਰੀ ਦੀ ਰੋਕਥਾਮ ਲਈ 24 ਘੰਟੇ ਨਿਗਰਾਨੀ ਦੇ ਨਾਲ-ਨਾਲ ਦਵਾਈਆਂ ਅਤੇ ਪੀਣ ਵਾਲਾ ਸਾਫ਼ ਪਾਣੀ ਉਪਲਬਧ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਫੌਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਪ੍ਰਭਾਵਿਤ ਇਲਾਕੇ ਵਿੱਚ ਵਿਸ਼ੇਸ਼ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ ਹੈ।



# ਖਰੜ ਵਿਧਾਨ ਸਭਾ ਦੀ ਦੁਰਦਸ਼ਾ ਕੁਦਰਤ ਕਾਰਨ ਨਹੀਂ, ਸਗੋਂ 'ਆਪ' ਸਰਕਾਰ ਦੀ ਅਸਫਲਤਾ ਕਾਰਨ ਹੈ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ - ਭਾਜਪਾ ਦੇ ਸੀਨੀਅਰ ਆਗੂ ਵਿਨੀਤ ਜੋਸ਼ੀ ਨੇ ਕਿਹਾ ਕਿ ਪੰਜਾਬ ਵਿੱਚ ਹੜ੍ਹਾਂ ਦਾ ਪ੍ਰਭਾਵ ਜ਼ਰੂਰ ਕੁਦਰਤ ਦਾ ਪ੍ਰਭਾਵ ਹੈ, ਪਰ ਖਰੜ ਵਿਧਾਨ ਸਭਾ ਦੀ ਦੁਰਦਸ਼ਾ ਪੂਰੀ ਤਰ੍ਹਾਂ 'ਆਪ' ਸਰਕਾਰ ਦੀ ਅ ਯ ੋ ਗ ਤ ਾ , ਲਾਪਰਵਾਹੀ ਅਤੇ ਭ੍ਰਿਸ਼ਟਾਚਾਰ ਦਾ ਨਤੀਜਾ ਹੈ। ਭਾਵੇਂ ਉਹ ਖਰੜ, ਕੁਰਾਲੀ ਅਤੇ ਨਵਾਂਗਾਓਂ ਦੀਆਂ ਨਗਰਪਾਲਿਕਾਵਾਂ ਹੋਣ ਜਾਂ ਮਾਜਰੀ ਬਲਾਕ ਦੇ ਪਿੰਡ - ਹਰ ਜਗ ?ਹਾ ਸਥਿਤੀ ਮਾੜੀ ਤੋਂ ਬਦਤਰ ਹੁੰਦੀ ਜਾ ਰਹੀ ਹੈ। ਵਿਧਾਇਕ ਅਨਮੋਲ ਗਗਨ ਮਾਨ ਅਤੇ 'ਆਪ' ਸਰਕਾਰ ਦੀ ਅਯੋਗਤਾ ਕਾਰਨ, ਗਰਮੀਆਂ ਅਤੇ ਮਾਨਸੂਨ ਦੋਵਾਂ ਵਿੱਚ ਜਨਤਾ ਨੂੰ ਦੁੱਖ ਝੱਲਣਾ ਪੈਂਦਾ ਹੈ। ਗਰਮੀਆਂ ਵਿੱਚ ਬਿਜਲੀ ਨਹੀਂ ਸੀ, ਪੀਣ ਵਾਲਾ ਪਾਣੀ ਨਹੀਂ ਸੀ - ਅਤੇ ਹੁਣ ਬਰਸਾਤ ਦੇ ਮੌਸਮ ਵਿੱਚ, ਗਲੀਆਂ ਅਤੇ ਸੜਕਾਂ ਨਦੀਆਂ ਬਣ ਗਈਆਂ ਹਨ। ਖਰੜ-ਲਾਂਡਰਾਂ ਰੋਡ, ਨਿੱਝਰ ਰੋਡ, ਸ਼ਿਵਾਲਿਕ ਸ਼ਹਿਰ ਦੇ ਸਾਹਮਣੇ ਵਾਲੀ ਸੜਕ, ਮੁਹੱਲਿਆਂ ਦੀਆਂ ਗਲੀਆਂ - ਹਰ ਜਗ ?ਹਾ ਪਾਣੀ ਨਾਲ ਭਰਿਆ ਹੋਇਆ ਹੈ। ਕਈ ਇਲਾਕਿਆਂ ਵਿੱਚ ਹਫ਼ਤਿਆਂ ਤੱਕ ਪਾਣੀ ਦਾ ਨਿਕਾਸ ਨਹੀਂ ਹੁੰਦਾ। ਕੁਝ ਥਾਵਾਂ

**ਖਰੜ ਵਿਧਾਨ ਸਭਾ ਦੀ ਤਬਾਹੀ ਕੁਦਰਤ ਕਾਰਨ ਨਹੀਂ, ਸਗੋਂ 'ਆਪ' ਸਰਕਾਰ ਦੀ ਅਯੋਗਤਾ ਕਾਰਨ ਹੈ: ਜੋਸ਼ੀ**

'ਤੇ ਪੀਣ ਵਾਲਾ ਪਾਣੀ ਨਹੀਂ ਹੈ, ਕੁਝ ਥਾਵਾਂ 'ਤੇ ਬਿਜਲੀ ਨਹੀਂ ਹੈ ਅਤੇ ਕੁਝ ਥਾਵਾਂ 'ਤੇ ਗੰਦਾ ਸੀਵਰੇਜ ਦਾ ਪਾਣੀ ਪੀਣ ਵਾਲੇ ਪਾਣੀ ਵਿੱਚ ਰਲ ਰਿਹਾ ਹੈ। ਕੁਰਾਲੀ ਸ਼ਹਿਰ, ਨਗਰ ਖੇੜਾ ਚੌਕ, ਫਵਾੜਾ ਚੌਕ, ਮਾਤਾ ਰਾਣੀ ਚੌਕ, ਮੇਨ ਬਾਜ਼ਾਰ - ਹਰ ਥਾਂ ਮੀਂਹ ਨੇ ਸਥਿਤੀ ਨੂੰ ਤਰਸਯੋਗ ਬਣਾ ਦਿੱਤਾ ਹੈ ਅਤੇ ਸਰਕਾਰ ਮੂਕ ਦਰਸ਼ਕ ਬਣ ਕੇ ਬੈਠੀ ਹੈ। ਹਰ ਸਾਲ ਨਵਾਂਗਾਓਂ ਨਗਰ ਕੌਂਸਲ ਦੇ ਨਾਡਾ, ਕਰੋਰਾਂ, ਕਾਂਸਲ ਵਰਗੇ ਇਲਾਕਿਆਂ ਵਿੱਚ ਵੀ ਇਹੀ ਸਥਿਤੀ ਹੁੰਦੀ ਹੈ। ਥੋੜ੍ਹੀ ਜਿਹੀ ਬਾਰਿਸ਼ ਨਾਲ ਸੜਕਾਂ ਦਰਿਆਵਾਂ ਦਾ ਰੂਪ ਧਾਰਨ ਕਰ ਲੈਂਦੀਆਂ ਹਨ। ਪਿੰਡਾਂ ਦੀ ਹਾਲਤ ਵੀ ਇਸ ਤੋਂ ਵੱਖਰੀ ਨਹੀਂ ਹੈ। ਜੈਅੰਤੀ ਮਾਜਰੀ ਤੋਂ ਗੁੜਾ ਕਸੌਲੀ, ਕਰੋਰਾਂ ਤੋਂ ਟਾਂਡਾ-ਟਾਂਡੀ ਤੱਕ ਦੀ ਲਿੰਕ ਸੜਕ, ਨਿਊ ਚੰਡੀਗੜ੍ਹ ਦੇ ਈਕੋ ਸਿਟੀ ਦੀਆਂ ਸੜਕਾਂ - ਸਾਰੀਆਂ ਦੀ ਹਾਲਤ ਮਾੜੀ ਹੈ। ਟੁੱਟੀਆਂ ਸੜਕਾਂ ਅਤੇ ਲਟਕਦੇ ਪੁਲਾਂ ਨੇ ਪਿੰਡ ਵਾਸੀਆਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ।

# ਪੰਜਾਬ 'ਚ ਰਾਹਤ ਕਾਰਜ ਜ਼ੋਰਾਂ 'ਤੇ: ਪਿਛਲੇ 24 ਘੰਟੇ 'ਚ 4711 ਹੜ੍ਹ ਪੀੜਤ ਸੁਰੱਖਿਅਤ ਥਾਵਾਂ 'ਤੇ ਪਹੁੰਚਾਏ

## ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਹੁਣ ਤੱਕ ਕੁੱਲ 11330 ਵਿਅਕਤੀ ਬਾਹਰ ਕੱਢੇ

ਚੰਡੀਗੜ੍ਹ, (ਲੋਕ ਬਾਣੀ)-ਪੰਜਾਬ ਸਰਕਾਰ ਦੀ ਮੁਸ਼ਤੈਦੀ ਅਤੇ ਸਰਗਰਮ ਭੂਮਿਕਾ ਸਦਕਾ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਪਿਛਲੇ 24 ਘੰਟਿਆਂ ਦੌਰਾਨ ਕੁੱਲ 4711 ਲੋਕਾਂ ਨੂੰ ਬਾਹਰ ਕੱਢ ਕੇ ਸੁਰੱਖਿਅਤ ਥਾਵਾਂ ਉੱਤੇ ਪਹੁੰਚਾਇਆ ਗਿਆ ਹੈ। ਇਸ ਵਿੱਚ ਫਿਰੋਜ਼ਪੁਰ ਦੇ 812 ਬਾਸ਼ਿੰਦੇ, ਗੁਰਦਾਸਪੁਰ ਦੇ 2571, ਮੋਗਾ ਦੇ 4, ਤਰਨ ਤਾਰਨ ਦੇ 60, ਬਰਨਾਲਾ ਦੇ 25 ਅਤੇ ਫਾਜ਼ਿਲਕਾ ਦੇ 1239 ਵਾਸੀ ਸ਼ਾਮਿਲ ਹਨ। ਵੱਖ ਵੱਖ ਜ਼ਿਲ੍ਹਿਆਂ ਤੋਂ ਮਿਲੀਆਂ ਰਿਪੋਰਟਾਂ ਅਨੁਸਾਰ 9 ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ ਹੁਣ ਤੱਕ 11330 ਲੋਕਾਂ ਨੂੰ ਹੜ੍ਹ ਦੇ ਪਾਣੀ ਤੋਂ ਬਚਾਇਆ ਗਿਆ ਹੈ। ਇਨ੍ਹਾਂ ਵਿੱਚ ਫਿਰੋਜ਼ਪੁਰ ਦੇ 2819, ਹੁਸ਼ਿਆਰਪੁਰ ਦੇ 1052, ਕਪੂਰਥਲਾ ਦੇ 240, ਗੁਰਦਾਸਪੁਰ ਦੇ 4771, ਮੋਗਾ ਦੇ 24, ਪਠਾਨਕੋਟ ਦੇ 1100, ਤਰਨ ਤਾਰਨ ਦੇ 60, ਬਰਨਾਲਾ ਦੇ 25 ਅਤੇ ਫਾਜ਼ਿਲਕਾ ਦੇ 1239 ਬਾਸ਼ਿੰਦੇ ਸ਼ਾਮਿਲ ਹਨ। ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਬਣਾਏ ਕੁੱਲ 87 ਰਾਹਤ ਕੈਂਪਾਂ ਵਿੱਚੋਂ ਇਸ ਵੇਲੇ 77 ਪੂਰੀ ਤਰ੍ਹਾਂ ਚੱਲ ਰਹੇ ਹਨ। ਇਨ੍ਹਾਂ ਕੈਂਪਾਂ ਵਿੱਚ ਕੁੱਲ 4729 ਲੋਕਾਂ ਨੇ ਬਸੇਰਾ ਕੀਤਾ ਹੋਇਆ ਹਨ। ਪ੍ਰਸ਼ਾਸ਼ਨ ਇਨ੍ਹਾਂ ਸਾਰੇ ਲੋਕਾਂ ਦਾ ਹਰ ਤਰ੍ਹਾਂ ਦਾ ਖਿਆਲ ਰੱਖ ਰਿਹਾ ਹੈ। ਕਪੂਰਥਲਾ ਵਿੱਚ ਬਣਾਏ 4 ਰਾਹਤ ਕੈਂਪਾਂ ਵਿੱਚ 110 ਲੋਕ ਰਹਿ ਰਹੇ ਹਨ। ਇਸੇ ਤਰ੍ਹਾਂ ਫਿਰੋਜ਼ਪੁਰ ਦੇ 8 ਰਾਹਤ ਕੈਂਪਾਂ ਵਿੱਚ 3450 ਲੋਕ ਅਤੇ ਹੁਸ਼ਿਆਰਪੁਰ ਦੇ 20 ਰਾਹਤ ਕੈਂਪਾਂ ਵਿੱਚ 478 ਲੋਕ ਰਹਿ ਰਹੇ ਹਨ। ਗੁਰਦਾਸਪੁਰ ਦੇ 22 ਰਾਹਤ ਕੈਂਪਾਂ ਵਿੱਚੋਂ 12 ਚੱਲ ਰਹੇ ਹਨ ਜਿੱਥੇ 255 ਲੋਕ ਰਹਿ ਰਹੇ ਹਨ। ਪਠਾਨਕੋਟ ਦੇ 14 ਰਾਹਤ ਕੈਂਪਾਂ ਵਿੱਚ 411 ਲੋਕ ਅਤੇ ਬਰਨਾਲਾ ਦੇ 1 ਰਾਹਤ ਕੈਂਪ ਵਿੱਚ 25 ਹੜ੍ਹ ਪ੍ਰਭਾਵਿਤ ਲੋਕ ਰਹਿ ਰਹੇ ਹਨ। ਫਾਜ਼ਿਲਕਾ ਵਿੱਚ ਵੀ 11, ਮੋਗਾ 'ਚ 5 ਅਤੇ ਅੰਮ੍ਰਿਤਸਰ ਵਿੱਚ 2 ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ। ਇੱਕ ਬੁਲਾਰੇ ਨੇ ਦੱਸਿਆ ਕਿ ਕਪੂਰਥਲਾ ਵਿੱਚ ਪ੍ਰਸ਼ਾਸ਼ਨ ਵੱਲੋਂ 15, 27, 28 ਅਤੇ 29 ਅਗਸਤ ਨੂੰ ਰਾਹਤ ਸਮੱਗਰੀ ਦੀ ਵੰਡ ਕੀਤੀ ਗਈ ਹੈ ਅਤੇ ਲੋੜ ਮੁਤਾਬਿਕ ਇਹ ਅੱਗੋਂ ਵੀ ਜਾਰੀ ਰਹੇਗੀ। ਇਸੇ ਤਰ੍ਹਾਂ ਫਿਰੋਜ਼ਪੁਰ, ਗੁਰਦਾਸਪੁਰ, ਮੋਗਾ, ਪਠਾਨਕੋਟ, ਫਾਜ਼ਿਲਕਾ ਅਤੇ ਬਰਨਾਲਾ ਵਿੱਚ ਵੀ ਹੜ੍ਹ ਪੀੜਤਾਂ ਨੂੰ ਲਗਾਤਾਰ ਰਾਹਤ ਸਮੱਗਰੀ ਦੀ ਵੰਡ ਕੀਤੀ ਜਾ ਰਹੀ ਹੈ।

# ਨੈਸ਼ਨਲ ਸਪੋਰਟਸ ਡੇ ਮੌਕੇ ਮੇਅਰ ਭਾਟੀਆ ਵੱਲੋਂ ਅਥਲੀਟਾਂ ਦਾ ਕੀਤਾ ਗਿਆ ਸਨਮਾਨ

ਅੰਮ੍ਰਿਤਸਰ (ਲੋਕ ਬਾਣੀ)- ਨਗਰ ਨਿਗਮ ਅੰਮ੍ਰਿਤਸਰ ਦੇ ਆਮ ਆਦਮੀ ਪਾਰਟੀ ਦੇ ਮੇਅਰ ਜਤਿੰਦਰ ਸਿੰਘ ਭਾਟੀਆ ਨੇ ਮਾਸਟਰ ਐਥਲੈਟਿਕਸ ਸਪੋਰਟਸ ਕਲੱਬ ਅੰਮ੍ਰਿਤਸਰ ਵੱਲੋਂ ਨੈਸ਼ਨਲ ਸਪੋਰਟਸ ਡੇਅ ਦੇ ਮੌਕੇ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਉਨ੍ਹਾਂ ਵੱਲੋਂ ਕਲੱਬ ਦੇ ਅਥਲੀਟਾਂ ਨੂੰ ਸਲਾਨਾ ਇਨਾਮ ਵੰਡ ਸਮਾਰੋਹ ਵਿੱਚ ਇਨਾਮ ਅਤੇ ਸਮਾਨ-ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਮੇਅਰ ਭਾਟੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੌਜਵਾਨ ਸਾਡੇ ਦੇਸ਼ ਦਾ ਭਵਿੱਖ ਹਨ, ਇਸ ਲਈ ਉਨ੍ਹਾਂ ਨੂੰ ਖੇਡਾਂ ਨਾਲ ਜੁੜਨਾ ਚਾਹੀਦਾ ਹੈ। ਖੇਡਾਂ ਨਾਲ ਸਰੀਰ ਹੀ ਨਹੀਂ, ਸਗੋਂ ਮਨ ਵੀ ਤੰਦਰੁਸਤ ਰਹਿੰਦਾ ਹੈ ਅਤੇ ਨੌਜਵਾਨ ਗਲਤ ਰਾਹਾਂ ਤੋਂ ਬਚਦੇ ਹਨ। ਉਨ੍ਹਾਂ ਨੇ




ਕਿਹਾ ਕਿ ਮਾਸਟਰ ਐਥਲੈਟਿਕਸ ਸਪੋਰਟਸ ਕਲੱਬ ਨਵੇਂ ਅਥਲੀਟਾਂ ਨੂੰ ਟਰੇਨਿੰਗ ਦੇਣ ਅਤੇ ਉਨ੍ਹਾਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਲਈ ਤਿਆਰ ਕਰਨ ਵਿੱਚ ਆਪਣੀ ਭੂਮਿਕਾ ਬਾਖੂਬੀ ਨਿਭਾ ਰਿਹਾ ਹੈ। ਮੇਅਰ ਭਾਟੀਆ ਨੇ ਇਹ ਵੀ ਕਿਹਾ ਕਿ ਨਗਰ ਨਿਗਮ ਵੱਲੋਂ ਖੇਡਾਂ ਨੂੰ ਪ੍ਰੋਤਸਾਹਨ ਦੇਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਅਤੇ ਖੇਡ ਮੈਦਾਨਾਂ ਨੂੰ ਹੋਰ ਸੁਧਾਰਿਆ ਜਾਵੇਗਾ ਤਾਂ ਜੋ ਨੌਜਵਾਨਾਂ ਨੂੰ ਚੰਗੀ ਸਹੂਲਤਾਂ ਪ੍ਰਾਪਤ ਹੋ ਸਕਣ।

# ਮੇਲਾ ਪੰਜਾਬਣਾਂ ਦਾ 6 ਸਤੰਬਰ ਰੈਕ ਸੈਂਟਰ ਮੈਡੋਜ ਵਿਖੇ ਹੋਵੇਗਾ

ਐਡਮਿੰਟਨ ਦੇ ਮੈਡੋ ਰੈਕ ਸੈਂਟਰ 17 ਸਟਰੀਟ ਆਊਟਸਾਈਡ ਗਰਾਊਂਡ ਵਿਖੇ ਮੇਲਾ ਪੰਜਾਬਣਾਂ ਦਾ ਧੂਮ ਧਾਮ ਅਤੇ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ । ਇਸ ਵਿੱਚ ਪੀਬੀ ਯੂਨਾਈਟਡ ਕਲਚਰਲ ਕਲੱਬ ਵੱਲੋਂ ਵਾਲੀਬਾਲ ਸ਼ੂਟਿੰਗ ਸਮੈਸੀ ਟੂਰਨਾਮੈਂਟ ਕਰਵਾਇਆ ਜਾ ਰਿਹ੍ਹ ਇਸ ਤੋਂ ਇਲਾਵਾ ਸੀਪ ਟੂਰਨਾਮੈਂਟ ਟੱਗ ਆਫ ਵਾਰ ,ਕਿਡ ਰੇਸ, ਲੇਡੀਜ ਮਿਊਜਿਕ ਚੇਅਰ, ਪੰਜਾਬੀ ਮੁਟਿਆਰ ਮੁਕਾਬਲਾ, ਟਰਡੀਸ਼ਨਲ ਆਊਟ ਫਿਟ । ਇਸ ਮੇਲੇ ਵਿੱਚ ਮੁਫਤ ਪ੍ਰਵੇਸ਼ ਹੋਵੇਗਾ੍ਹ ਮੁਫਤ ਭੋਜਨ ਦਾ ਵੀ ਇੰਤਜ਼ਾਮ ਹੋਵੇਗ੍ਹ ਇਸ ਦੇ ਸੰਯੋਜਕ ਹਨ ਜੰਗ ਪਹਿਲਵਾਨ ਖੋਰਦ, ਗੈਰੀ, ਗੁਰਪ੍ਰੀਤ ਕੌਰ ਗਿੱਲ੍ਹ ਅਤੇ ਸਹਿਯੋਗੀ ਮੈਂਬਰ ਚਰਨਜੀਤ ਸਿੰਘ ਸਰਬਜੀਤ ਸਿੰਘ ਕਰਮਜੀਤ ਸਿੰਘ ਕੁਲਵਿੰਦਰ ਸਿੰਘ ਸ਼ਾਮ ਸੁੰਦਰ ਅਤੇ ਗੁਰਿੰਦਰ ਸਿੰਘ ਸਿੱਧੂ ਹੋਣਗ੍ਹੇ ਸੰਪਰਕ ਨੰਬਰ 7808030061



# ਡੀ.ਸੀ. ਵਰਜੀਤ ਵਾਲੀਆ ਤੇ ਸਿਵਲ ਸਰਜਨ ਦੀ ਹਦਾਇਤ 'ਤੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਸਿਹਤ ਜਾਇਜ਼ਾ

ਰੂਪਨਗਰ, (ਲੋਕ ਬਾਣੀ)- ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਨੂੰ ਸਮੇਂ ਸਿਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਵੱਖ-ਵੱਖ ਯਤਨ ਕੀਤੇ ਜਾ ਰਹੇ ਹਨ। ਇਸ ਕੜੀ ਵਿੱਚ ਡਿਪਟੀ ਕਮਿਸ਼ਨਰ ਰੂਪਨਗਰ ਸ਼ ?ਰੀ ਵਰਜੀਤ ਵਾਲੀਆ ਅਤੇ ਸਿਵਲ ਸਰਜਨ ਰੂਪਨਗਰ ਡਾ. ਬਲਵਿੰਦਰ ਕੌਰ ਦੀ ਹਦਾਇਤਾਂ ਅਨੁਸਾਰ ਸਿਹਤ ਅਧਿਕਾਰੀਆਂ ਵੱਲੋਂ ਨਿਯਮਿਤ ਤੌਰ 'ਤੇ ਫੀਲਡ ਦੌਰੇ ਕੀਤੇ ਜਾ ਰਹੇ ਹਨ। ਇਸ ਸਿਲਸਿਲੇ ਵਿੱਚ ਜ਼ਿਲ੍ਹਾ ਪਰਿਵਾਰ ਨਿਯੋਜਨ ਅਧਿਕਾਰੀ ਡਾ. ਸਵੱਪਨਜੀਤ ਕੌਰ ਨੇ ਸਿਹਤ ਟੀਮ ਸਮੇਤ ਪਿੰਡ ਸਲੋਰਾ ਅਤੇ ਹੋਰ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਦੇ ਨਾਲ ਸੈਨਿਟਰੀ ਇੰਸਪੈਕਟਰ ਵਿਵੇਕ ਕੁਮਾਰ,



ਹੈਲਥ ਵਰਕਰ ਪ੍ਰਿੰਸ ਵਰਮਾ ਅਤੇ ਆਸ਼ਾ ਵਰਕਰ ਪਰਮਜੀਤ ਕੌਰ ਵੀ ਹਾਜ਼ਿਰ ਰਹੇ। ਦੌਰੇ ਦੌਰਾਨ ਪਿੰਡ ਸਲੋਰਾ ਦੇ ਸਰਪੰਚ ਸ਼ ?ਰੀ ਜਗਜੀਤ ਸਿੰਘ ਨੇ ਵੀ ਸਿਹਤ ਟੀਮ ਨਾਲ ਮਿਲ ਕੇ ਪਿੰਡ ਦੇ ਹਾਲਾਤ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਪਿੰਡ ਵਾਸੀਆਂ ਵੱਲੋਂ ਸਿਹਤ ਵਿਭਾਗ ਦੇ ਕੰਮਾਂ ਲਈ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਟੀਮ ਵੱਲੋਂ ਪਿੰਡ ਵਾਸੀਆਂ ਨੂੰ ਸਿਹਤ ਸੇਵਾਵਾਂ ਦੀ ਜਾਣਕਾਰੀ ਦਿੱਤੀ ਗਈ ਅਤੇ ਇਹ ਵੀ ਜਾਚਿਆ ਗਿਆ ਕਿ ਹੜ੍ਹ ਦੀ ਸਥਿਤੀ ਦੌਰਾਨ ਕਿਹੜੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਦੀਆਂ ਹਨ।

# ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਸਾਬਿਤ ਹੋ ਰਹੀ ਹੈ ਵਰਦਾਨ

## ਸਿਹਤ ਬਲਾਕ ਤਪਾ ਅਧੀਨ ਇਸ ਸਾਲ ਦੌਰਾਨ ਹੁਣ ਤੱਕ ਨਹੀਂ ਆਇਆ ਡੇਂਗੂ ਦਾ ਕੋਈ ਵੀ ਮਾਮਲਾ- ਡਾ. ਇੰਦੂ ਬਾਂਸਲ

ਬਰਨਾਲਾ (ਗੋਇਲ)-ਸਿਵਲ ਸਰਜਨ ਡਾ. ਬਲਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਇੰਦੂ ਬਾਂਸਲ ਦੀ ਅਗਵਾਈ ਵਿੱਚ ਸਿਹਤ ਬਲਾਕ ਤਪਾ ਵਿਖੇ ਚਲਾਈ ਗਈ 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਮੁਹਿੰਮ ਨੇ ਸਫ਼ਲਤਾ ਦੀ ਇੱਕ ਨਵੀਂ ਮਿਸਾਲ ਕਾਇਮ ਕੀਤੀ ਹੈ। ਇਸ ਮੁਹਿੰਮ ਤਹਿਤ ਪਿਛਲੇ ਦੋ ਸਾਲਾਂ ਵਿੱਚ ਡੇਂਗੂ ਦੇ ਮਾਮਲਿਆਂ ਵਿੱਚ ਕਮੀ ਦੇਖਣ ਨੂੰ ਮਿਲੀ ਹੈ ਅਤੇ ਸਿਹਤ ਬਲਾਕ ਤਪਾ ਅਧੀਨ ਇਸ ਸਾਲ ਹੁਣ ਤੱਕ ਕੋਈ ਵੀ ਡੇਂਗੂ ਦਾ ਕੇਸ ਰਿਪੋਰਟ ਨਹੀਂ ਹੋਇਆ ਹੈ। ਜਾਣਕਾਰੀ ਦਿੰਦਿਆਂ ਸੀਨੀਅਰ ਮੈਡੀਕਲ ਅਫ਼ਸਰ ਡਾ. ਇੰਦੂ ਬਾਂਸਲ ਨੇ ਕਿਹਾ ਕਿ ਇਸ ਮੁਹਿੰਮ ਦੀ ਸ਼ੁਰੂਆਤ ਮੁੱਖ ਮੰਤਰੀ ਪੰਜਾਬ ਸ੍. ਭਗਵੰਤ ਸਿੰਘ ਮਾਨ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਅਗਵਾਈ ਵਿੱਚ ਸਿਹਤ ਵਿਭਾਗ ਵੱਲੋਂ ਸਾਲ 2023 ਵਿੱਚ ਕੀਤੀ ਗਈ ਸੀ, ਜਿਸ ਦਾ ਮੁੱਖ ਉਦੇਸ਼ ਡੇਂਗੂ ਦੇ ਲਾਰਵੇ ਨੂੰ ਪੈਦਾ ਹੋਣ ਤੋਂ ਪਹਿਲਾਂ ਹੀ ਨਸ਼ਟ ਕਰਨਾ ਸੀ। ਇਸ ਮੁਹਿੰਮ ਦੇ ਤਹਿਤ ਹਰ ਸ਼ੁੱਕਰਵਾਰ ਨੂੰ ਸਰਕਾਰੀ ਦਫ਼ਤਰਾਂ, ਹਸਪਤਾਲਾਂ, ਸਲੱਮ ਏਰੀਆ, ਰੇਲਵੇ ਸਟੇਸ਼ਨਾਂ, ਬੱਸ ਸਟੈਂਡਾਂ, ਧਾਰਮਿਕ ਸਥਾਨ, ਹੌਟ ਸਪਾਟ ਏਰੀਆ, ਕਬਾੜ ਦੀਆਂ ਦੁਕਾਨਾਂ ਅਤੇ ਹੋਰ ਜਨਤਕ ਥਾਵਾਂ 'ਤੇ ਵਿਸ਼ੇਸ਼ ਟੀਮਾਂ ਭੇਜੀਆਂ ਜਾਂਦੀਆਂ ਹਨ। ਇਸੇ ਦੇ ਸੰਦਰਭ ਵਿੱਚ ਬਲਾਕ ਅਧੀਨ 30 ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਕਿ ਕੂਲਰਾਂ, ਗਮਲਿਆਂ, ਪਾਣੀ ਦੀਆਂ ਟੈਂਕੀਆਂ ਅਤੇ ਹੋਰ ਥਾਵਾਂ ਦੀ ਜਾਂਚ ਕਰਦੀਆਂ ਹਨ, ਜਿੱਥੇ ਖੜ੍ਹੇ ਪਾਣੀ ਵਿੱਚ ਮੱਛਰਾਂ ਦਾ ਲਾਰਵਾ ਪੈਦਾ ਹੋ ਸਕਦਾ ਸੀ। ਇਸ ਦੇ ਨਾਲ ਹੀ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਅਤੇ ਬਚਾਅ ਦੇ ਤਰੀਕਿਆਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

ਬਲਾਕ ਐਜੂਕੇਟਰ ਜਸਪਾਲ ਸਿੰਘ ਜਟਾਣਾ ਤੇ ਐਸ.ਆਈ. ਰਣਜੀਵ ਕੁਮਾਰ ਨੇ ਕਿਹਾ ਕਿ ਜਾਗਰੂਕਤਾ ਹੀ ਬਚਾਅ ਹੈ। ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ ਮੁਹਿੰਮ ਤਹਿਤ ਵੱਖ-ਵੱਖ ਥਾਂਵਾਂ ਤੇ ਜਾ ਕੇ ਜਾਗਰੂਕ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲਗਾਤਾਰ ਜਾਗਰੂਕ ਕਰਨ ਅਤੇ ਜਾਂਚ ਕਰਨ ਨਾਲ ਹੁਣ ਹਾਲਾਤ ਬਿਲਕੁਲ ਬਦਲ ਗਏ ਹਨ। ਅੱਜ ਜਦੋਂ ਅਸੀਂ ਜਾਂਚ ਕਰਦੇ ਹਾਂ, ਤਾਂ ਲਾਰਵਾ ਬਹੁਤ ਘੱਟ ਮਿਲਦਾ ਹੈ। ਇਸ ਨਾਲ ਲੋਕਾਂ ਵਿੱਚ ਇਹ ਸੰਦੇਸ਼ ਗਿਆ ਹੈ ਕਿ ਡੇਂਗੂ ਤੋਂ ਬਚਾਅ ਸਿਰਫ਼ ਸਰਕਾਰ ਦਾ ਹੀ ਨਹੀਂ, ਬਲਕਿ ਹਰ ਵਿਅਕਤੀ ਦਾ ਫ਼ਰਜ਼ ਹੈ।

# ਮਾਡਲਿੰਗ ਖੇਤਰ ਦਾ ਉਭਰਦਾ ਸਿਤਾਰਾ-ਸਹਿਰਾਨ ਕਾਲਰਾ



ਜਲੰਧਰ ( ਲੋਕ ਬਾਣੀ ) ਅੱਜ ਦੇ ਨਵੇਂ ਯੁੱਗ ਵਿੱਚ ਹਰੇਕ ਸਿੰਗਰ ਦਾ ਗਾਣਾ ਸੁਣਨ ਦਾ ਨਹੀਂ ਬਲਕਿ ਹੁਣ ਦੇਖਣ ਦਾ ਹੋ ਗਿਆ ਹੈ । ਗੀਤ ਫਿਲਮਾਕਣ ਦੌਰਾਨ , ਲਿਖੇ ਹੋਏ ਕੰਨਸੈਪਕਟ ਵਿੱਚ ਮਾਡਲਿੰਗ ਕਰਨ ਵਾਲੇ ਲੜਕੀ , ਲੜਕਾ ਆਪੋ ਆਪਣਾ ਅਭਿਨੈ ਕਰਦੇ ਹਨ । ਉਹ ਆਪਣੀ ਪ੍ਰਤਿਭਾ ਨਾਲ , ਜਿੱਥੇ ਉਹ ਗੀਤ ਨੂੰ ਚਾਰ ਚੰਨ ਲਾ ਦਿੰਦੇ ਹਨ । ਨਾਲ ਹੀ ਉਹ ਆਪਣੀ ਵੱਖਰੀ ਇਮੇਜ਼ ਵੀ ਬਣਾ ਲੈਂਦੇਂ ਹਨ । ਅਜਿਹੀਆਂ ਅਨੇਕਾਂ ਉਦਾਹਰਣਾਂ ਹਨ । ਜਿਨ੍ਹਾਂ ਚੋਂ ਕਈ ਮਾਡਲ ਪਰਫੈਸ਼ਨਲ ਬਣੇ, ਫਿਲਮਾਂ ਵਿੱਚ ਆਏ। ਇੱਥੇ ਅਸੀਂ ਗੱਲ ਜਲੰਧਰ ਦੇ ਜੰਮਪਲ ਸਹਿਰਾਨ ਕਾਲਰਾ ਦੀ ਕਰਾਂਗੇ । ਜੋ ਬੇਹੱਦ ਹੈਂਡਸੰਮ , ਟੇਲੈਂਟਿਡ ਅਤੇ ਵੈਲ ਐਯੂਕੇਟਿਡ ਹੈ । ਐਂਕਰ ਬਲਦੇਵ ਰਾਹੀ ਨੇ ਦੱਸਿਆ ਕਿ ਸਹਿਰਾਨ , ਪਿਤਾ ਸ੍ਰੀ ਅਸ਼ੋਕ ਕਾਲਰਾ ਅਤੇ ਮਾਤਾ ਸ੍ਰੀਮਤੀ ਸੰਧਿਆ ਕਾਲਰਾ ਦਾ ਹੋਣਹਾਰ ਤੇ ਲਾਡਲਾ ਸਪੁੱਤਰ ਹੈ । ਉਸ ਨੇ ਪੰਜਾਬੀ ਤੇ ਰਾਸ਼ਟਰੀ ਚੈਨਲਾਂ ਤੇ ਆ ਰਹੇ ਸੀਰੀਅਲਾਂ ਵਿੱਚ ਆਪਣੇ ਫੰਨ ਦਾ ਮੁਜ਼ਾਹਰਾ ਕੀਤਾ ਹੈ । ਉਸ ਦੀ ਅਦਾਕਾਰੀ ਕਰਕੇ, ਉਸਦੀ ਕਾਫ਼ੀ ਪਹਿਚਾਣ ਬਣੀ ਹੈ । ਉਹ ਆਉਣ ਵਾਲੇ ਚੰਦ ਕੁ ਦਿਨਾਂ ਵਿੱਚ ਇੰਟਰਨੈਸ਼ਨਲ ਸਟਾਰ ਸਿੰਗਰ ਸੁਰਿੰਦਰ ਲਾਡੀ ਦੇ ਗਾਏ ਅਤੇ ਗੀਤਕਾਰ ਸੁਖਪਾਲ ਔਜਲਾ ਦੇ ਲਿਖੇ, ਇੱਕ ਬਹੁਤ ਵੱਡੇ ਪ੍ਰੋਜੈਕਟ " ਲਵ ਬੈਰੀਅਰ "ਵਿੱਚ ਬਤੌਰ ਹੀਰੋ ਆ ਰਿਹਾ ਹੈ । ਵਰਨਣਯੋਗ ਹੈ ਕਿ ਉਸ ਦੇ ਮਸ਼ਹੂਰ ਮਾਡਲ ਸ਼ਿਵਾਨੀ ਸਾਧਿਕ ਦਿਖਾਈ ਦੇਵੇਗੀ । ਵੱਖ-ਵੱਖ ਚੈਨਲਾਂ ਤੇ ਦਰਸ਼ਕ ਇਸ ਖੂਬਸੂਰਤ ਗੀਤ ਨੂੰ ਦੇਖਣਗੇ ।

# ਵਿਧਾਇਕ ਤੇ ਚੇਅਰਮੈਨ ਨੇ ਕੀਤੀ ਹਰ ਪੀੜਤਾਂ ਦੀ ਮਦਦ

ਬਰਨਾਲਾ (ਗੋਇਲ)-ਵਿਧਾਨ ਸਭਾ ਹਲਕਾ ਭਦੌੜ ਦੇ ਆਮ ਆਦਮੀ ਪਾਰਟੀ ਦੇ ਵਿਧਾਇਕ ਲਾਭ ਸਿੰਘ ਉਗੋਕੇ ਅਤੇ ਮਾਰਕੀਟ ਕਮੇਟੀ ਤਪਾ ਦੇ ਚੇਅਰਮੈਨ ਤਰਸੇਮ ਸਿੰਘ ਕਾਹਨੇ ਕੇ ਨੇ ਹੜ ਪੀੜਤਾਂ ਦੀ ਮਦਦ ਲਈ ਆਪਣੀ ਇਕ ਮਹੀਨੇ ਦੀ ਤਨਖਾਹ ਦੇਣ ਦਾ ਐਲਾਨ ਕੀਤਾ। ਇਹਨਾਂ ਦੋਨੋਂ ਆਗੂਆਂ ਨੇ ਅਪੀਲ ਕੀਤੀ ਕਿ ਹੜ ਪੀੜਤਾਂ ਦੀ ਮਦਦ ਕਰਨਾ ਸਾਡਾ ਸਾਰਿਆਂ ਦਾ ਹੀ ਫਰਜ ਬਣਦਾ ਹੈ ਕਿ ਸਾਨੂੰ ਇਸ ਸਾਂਝੇ ਕੰਮ ਲਈ ਵਧ ਚੜ੍ਹਕੇ ਹਿਸਾ ਆਉਣਾ ਚਾਹੀਦਾ ਹੈ।





# ਪਰਾਲੀ ਪ੍ਰਬੰਧਨ ਬਾਰੇ ਮਹਿਲ ਕਲਾਂ ਵਿੱਚ ਬਲਾਕ ਪੱਧਰੀ ਕੈਂਪ

## ਕਿਸਾਨਾਂ ਨੂੰ ਖੇਤ ਵਿਚ ਹੀ ਪਰਾਲੀ ਦਾ ਸੁਚੱਜਾ ਨਿਬੇੜਾ ਕਰਨ ਦਾ ਸੱਦਾ

ਬਰਨਾਲਾ ( ਗੋਇਲ)- ਖੇਤੀਬਾੜੀ ਵਿਭਾਗ ਮਹਿਲ ਕਲਾਂ ਵੱਲੋਂ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ ਡਾ. ਜਗਸੀਰ ਸਿੰਘ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਹਰਮਨਦੀਪ ਸਿੰਘ ਦੀ ਅਗਵਾਈ ਹੇਠ ਬਲਾਕ ਮਹਿਲ ਕਲਾਂ ਦੇ ਕਿਸਾਨਾਂ ਨੂੰ ਪਰਾਲੀ/ ਝੋਨੇ ਦੀ ਰਹਿੰਦ ਖੂੰਹਦ ਦੀ ਸਾਂਭ-ਸੰਭਾਲ ਅਤੇ ਫ਼ਸਲਾਂ ਸਬੰਧੀ ਜਾਗਰੂਕ ਕਰਨ ਲਈ ਬਲਾਕ ਪੱਧਰੀ ਕੈਂਪ ਲਾਇਆ ਗਿਆ। ਇਸ ਸਮੇਂ ਬਲਾਕ ਤਕਨੀਕੀ ਮੈਨਜਰ ਸਨਵਿੰਦਰਪਾਲ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿੱਥੇ ਅਸੀਂ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਹੇ ਹਾਂ, ਉੱਥੇ ਧਰਤੀ ਦੀ ਉਪਜਾਊ ਸ਼ਕਤੀ ਅਤੇ ਮਿੱਤਰ ਕੀੜੇ ਵੀ ਮਾਰ ਰਹੇ ਹਾਂ। ਓਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਵਾਹ ਕੇ ਨਵੀਆਂ ਤਕਨੀਕਾਂ (ਹੈਪੀਸੀਡਰ,



ਸੁਪਰਸੀਡਰ, ਸਰਫੇਸ ਸੀਡਰ ਆਦਿ) ਨਾਲ ਹੀ ਕਣਕ ਦੀ ਬਿਜਾਈ ਕੀਤੀ ਜਾਵੇ। ਓਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਕਿਸਾਨ ਖੇਤ ਦੀ ਪਰਾਲੀ ਨੂੰ ਬੇਲਰ ਰਾਹੀਂ ਗੰਢਾਂ ਬਣਾਕੇ ਜਾਂ ਤੂੜੀ ਬਣਾ ਕੇ ਵਪਾਰੀਆਂ ਨੂੰ ਵੇਚ ਸਕਦੇ ਹਨ। ਜੇਕਰ ਅਸੀਂ ਪਿੰਡ ਪੱਧਰ ਤੋਂ ਹੀ ਅੱਗ ਨਾ ਲਗਾਉਣ ਦੇ ਉਪਰਾਲੇ ਸ਼ੁਰੂ ਕਰਾਂਗੇ ਤਾਂ ਹੀ ਸਾਡਾ ਸਾਰਾ ਪੰਜਾਬ ਪ੍ਰਦੂਸ਼ਣ ਮੁਕਤ ਹੋ ਸਕੇਗਾ। ਓਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਖੇਤੀ ਮਾਹਿਰਾਂ ਦੀ ਸਲਾਰ ਅਨੁਸਾਰ ਹੀ ਸ਼ਿਫਾਰਸ਼ ਕੀਤੀਆਂ ਕਿਸਮਾਂ ਅਤੇ ਦਵਾਈਆਂ ਦਾ ਸੁਚੱਜਾ ਪ੍ਰਯੋਗ ਕੀਤਾ ਜਾਵੇ ਤਾਂ ਜੋ ਕਿਸਾਨ ਦੇ ਖੇਤੀ ਖਰਚੇ ਘੱਟ ਸਕਣ।

# ਡਿਪਟੀ ਕਮਿਸ਼ਨਰ ਨੇ ਡਰੇਨਾਂ, ਖੇਤਾਂ, ਨੀਵੀਆਂ ਥਾਵਾਂ ’ਤੇ ਪਾਣੀ ਦੇ ਪੱਧਰ ਦਾ ਲਿਆ ਜਾਇਜ਼ਾ

## ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਫੀਲਡ ਵਿੱਚ ਰਹਿਣ ਦੇ ਆਦੇਸ਼

ਬਰਨਾਲਾ (ਗੋਇਲ)-ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਆਈ ਏ ਐੱਸ ਵਲੋਂ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿੱਚ ਜ਼ਿਲ੍ਹੇ ਦੇ ਅਹਿਮ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਪਿਛਲੇ ਦਿਨੀਂ ਮੀਂਹ ਕਰਨ ਖੜ੍ਹੇ ਪਾਣੀ ਦੀ ਨਿਕਾਸੀ ਅਤੇ ਆਗਾਮੀ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਫੀਲਡ ਵਿਚ ਸਰਗਰਮ ਰਹਿਣ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਡਰੇਨੇਜ ਵਿਭਾਗ ਤੋਂ ਜ਼ਿਲ੍ਹੇ ਵਿਚਲੀਆਂ ਡਰੇਨਾਂ ਹਰੀਗੜ੍ਹ ਡਰੇਨ, ਧਨੌਲਾ ਡਰੇਨ, ਅਪਰ ਲਸਾੜਾ ਡਰੇਨ, ਕੁਰੜ ਡਰੇਨ, ਸ਼ਹਿਣਾ




ਡਰੇਨ ਤੇ ਟੱਲੇਵਾਲ ਡਰੇਨ ਵਿੱਚ ਪਾਣੀ ਦੇ ਪੱਧਰ ਦਾ ਜਾਇਜ਼ਾ ਲਿਆ ਜਿਸ ’ਤੇ ਸਬੰਧਤ ਅਧਿਕਾਰੀਆਂ ਨੇ ਦੱਸਿਆ ਕਿ ਡਰੇਨਾਂ ਵਿੱਚ ਪਾਣੀ ਦਾ ਪੱਧਰ ਘਟਿਆ ਹੈ ਅਤੇ ਖੇਤਾਂ ਦਾ ਪਾਣੀ ਡਰੇਨਾਂ ਵਿਚ ਜਾ ਰਿਹਾ ਹੈ। ਡਿਪਟੀ ਕਮਿਸ਼ਨਰ ਨੇ ਨਰੇਗਾ ਦੀ ਮਦਦ ਨਾਲ ਡਰੇਨਾਂ ਵਿਚ ਘਾਹ - ਬੂਟੀ ਸਾਫ਼ ਕਰਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਪਾਣੀ ਦੇ ਵਹਾਅ ਵਿਚ ਰੁਕਾਵਟ ਨਾ ਆਵੇ।



# ਤਪਾ ਪੁਲਿਸ ਨੇ 300 ਨਸ਼ੀਲੀਆਂ ਗੋਲੀਆਂ ਤੇ 25 ਪੱਤਿਆਂ ਸਮੇਤ ਕੀਤਾ ਨੌਜਵਾਨ ਕਾਬੂ

ਬਰਨਾਲਾ (ਗੋਇਲ)-ਸਥਾਨਕ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ ਨਸ਼ਾ ਖਾਣ ਅਤੇ ਨਸ਼ਾ ਵੇਚਣ ਵਾਲਿਆਂ ਵਿਰੁੱਧ ਗਤੀਵਿਧੀਆਂ ਤੇਜ਼ ਕੀਤੀਆਂ ਹੋਈਆਂ ਹਨ ਅਤੇ ਲਗਾਤਾਰ ਉਹਨਾਂ ਤੇ ਸਖਤ ਸਿਕੰਜਾ ਕਸਿਆ ਹੋਇਆ ਹੈ । ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਢਿਲਵਾ ਰੋਡ ਤੇ ਇੱਕ ਨੌਜਵਾਨ ਮਨੀਸ਼ ਕੁਮਾਰ ਨੂੰ ਸ਼ੱਕ ਪੈਣ ਤੇ ਕਾਬੂ ਕੀਤਾ ਤਾਂ ਉਸ ਕੋਲੋਂ 300 ਨਸ਼ੀਲੀਆਂ ਗੋਲੀਆਂ ਤੇ 25 ਪੱਤੇ ਬਰਾਮਦ ਹੋਏ। ਉਹਨਾਂ ਵਿਰੁੱਧ ਕਾਰਵਾਈ ਕਰ ਦਿੱਤੀ ਗਈ ਹੈ। ਇਸ ਮੌਕੇ ਮੁਣਸ਼ੀ ਦਵਿੰਦਰ ਸਿੰਘ, ਇਕਬਾਲ ਸਿੰਘ, ਸੁਰਜੀਤ ਸਿੰਘ, ਭਰਤਇੰਦਰ ਸਿੰਘ, ਸੰਦੀਪ ਸਿੰਘ ਤੇ ਜਗਦੀਪ ਸਿੰਘ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਧੰਨਾਂ ਭਗਤ ਬਿਰਧ ਆਸ਼ਰਮ ਮਿਰਜ਼ਾਪੁਰ ਵਿਖੇ ਵਣ ਮਹਾਂਉਤਸਵ ਮਨਾਇਆ

**ਮਨੁੱਖੀ ਜੀਵਨ ਲਈ ਪਾਣੀ, ਮਿੱਟੀ ਅਤੇ ਵਾਤਾਵਰਨ ਨੂੰ ਬਚਾਉਣਾ ਬਹੁਤ ਜ਼ਰੂਰੀ - ਭਗਵਾਨ ਦਾਸ ਗੁਪਤਾ**

ਪਟਿਆਲਾ (ਲੋਕ ਬਾਣੀ)- ਮਨੁੱਖੀ ਜੀਵਨ ਲਈ ਪਾਣੀ, ਮਿੱਟੀ ਅਤੇ ਵਾਤਾਵਰਨ ਨੂੰ ਸਾਫ਼ ਰੱਖਣਾ ਬਹੁਤ ਜ਼ਰੂਰੀ ਹੈ÷ ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਅਤੇ ਵਾਤਾਵਰਨ ਪ੍ਰੇਮੀ ਮੋਟੀਵੇਸਨਲ ਸਪੀਕਰ ਰੋਟੇਰੀਅਨ ਭਗਵਾਨ ਦਾਸ ਗੁਪਤਾ ਪੈਰਾ ਲੀਗਲ ਵਲੰਟੀਅਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਨੇ ਅਥਾਰਟੀ ਵਲੋਂ ਧੰਨਾਂ ਭਗਤ ਬਿਰਧ ਆਸ਼ਰਮ ਮਿਰਜ਼ਾਪੁਰ ਵਿਖੇ ਵਣ ਮਹਾਂਉਤਸਵ ਮਨਾਉਣ ਲਈ ਫਲ, ਛਾਂਦਾਰ ਅਤੇ ਆਯੁਰਵੈਦਿਕ ਰੁੱਖ ਲਗਾਉਣ ਮੌਕੇ ਗੱਲਬਾਤ ਕਰਦਿਆਂ ਕੀਤਾ਼ ਲੋਕਾਂ ਨੇ ਲਗਾਏ ਗਏ ਰੁੱਖਾਂ ਦੀ ਸੇਵਾ, ਸਾਂਭ-ਸੰਭਾਲ, ਸੁਰੱਖਿਆ, ਪਾਣੀ ਅਤੇ ਖਾਦ ਆਦਿ ਦੇਣ ਦੇ ਨਾਲ-ਨਾਲ ਪਾਣੀ ਅਤੇ ਵਾਤਾਵਰਨ ਦੀ ਸੰਭਾਲ ਕਰਨ ਦੀ ਸਹੁੰ ਵੀ ਚੁੱਕੀ। ਭਗਵਾਨ ਦਾਸ ਗੁਪਤਾ ਦੱਸਿਆ ਕਿ ਵੱਧ ਰਹੇ ਪ੍ਰਦੂਸ਼ਣ ਕਾਰਨ ਸਾਡਾ ਵਾਤਾਵਰਨ ਬਹੁਤ ਗੰਦਾ ਹੁੰਦਾ ਜਾ ਰਿਹਾ ਹੈ ਅਤੇ ਖੇਤਾਂ ਵਿੱਚ ਰਸਾਇਣਕ ਖਾਦਾਂ




ਅਤੇ ਕੀਟਨਾਸ਼ਕਾਂ ਦੀ ਵੱਧ ਵਰਤੋਂ ਕਾਰਨ ਸਾਡੀ ਧਰਤੀ ਵੀ ਪਲੀਤ ਹੋ ਰਹੀ ਹੈ, ਜੋ ਕਿ ਗੰਭੀਰ ਚਿੰਤਾ ਦਾ ਵਿਸ਼ਾ ਹੈ।

# ਗਰੀਬ ਬੱਚਿਆਂ ਦੇ ਹੱਕਾਂ ਲਈ ਲੜਨ ਲਈ ਡਾ.ਜਗਮੋਹਨ ਸਿੰਘ ਰਾਜੂ ਨੂੰ ਪੁਲਿਸ ਨੇ ਹਿਰਾਸਤ ਵਿੱਚ ਲਿਆ

## ਸਿੱਖਿਆ ਬੱਚਿਆਂ ਦਾ ਜਨਮ ਸਿੱਧ ਅਧਿਕਾਰ ਉਸ ਲਈ ਲੜਾਈ ਲੜਦੇ ਰਹਾਂਗੇ- ਡਾ.ਰਾਜੂ

ਅੰਮ੍ਰਿਤਸਰ, (ਲੋਕ ਬਾਣੀ)- ਪੰਜਾਬ ਪੁਲਿਸ ਨੇ ਅੰਮ੍ਰਿਤਸਰ ਦੇ ਮਕਬੂਲਪੁਰਾ ਵਿੱਚ ਗਰੀਬ ਬੱਚਿਆਂ ਦੇ ਸਿੱਖਿਆ ਦੇ ਅਧਿਕਾਰ ਲਈ ਚਲਾਈ ਜਾ ਰਹੀ ÷ਅਦਾਲਤ ਦਾ ਕਮਰੇ ਸੇ ਕਲਾਸ ਰੂਮ - ਹੱਕ ਦੀ ਲੜਾਈ ਅਭਿਆਨ÷ ਮੁਹਿੰਮ ਨੂੰ ਜ਼ਬਰਦਸਤੀ ਰੋਕ ਦਿੱਤਾ। ਪੁਲਿਸ ਨੇ ਨਾ ਸਿਰਫ਼ ਮਾਪਿਆਂ ਅਤੇ ਬੱਚਿਆਂ ਨੂੰ ਕੈਂਪ ਵਿੱਚ ਪਹੁੰਚਣ ਤੋਂ ਰੋਕਿਆ ਬਲਕਿ ਦਰਜ਼ਨਾਂ ਵਲੰਟੀਅਰਾਂ ਨੂੰ ਵੀ ਹਿਰਾਸਤ ਵਿੱਚ ਲੈ ਲਿਆ। ਮੁਹਿੰਮ ਦੇ ਆਗੂ ਡਾ.ਜਗਮੋਹਨ ਸਿੰਘ ਰਾਜੂ, ਆਈਏਐਸ (ਸੇਵਾਮੁਕਤ) ਨੂੰ ਵੀ ਪੁਲਿਸ ਨੇ ਚਾਰ ਘੰਟੇ ਲਈ ਹਿਰਾਸਤ ਵਿੱਚ ਲਿਆ ਅਤੇ ਬਾਅਦ ਵਿੱਚ ਛੱਡ ਦਿੱਤਾ। ਇਹ ਕੈਂਪ ਉਨ੍ਹਾਂ ਖੇਤਰਾਂ ਵਿੱਚ




ਲਗਾਇਆ ਗਿਆ ਸੀ ਜਿੱਥੇ ਗਰੀਬ ਪਰਿਵਾਰ ਰਹਿੰਦੇ ਹਨ ਅਤੇ ਉਨ੍ਹਾਂ ਦੇ ਬੱਚੇ ਸਿੱਖਿਆ ਤੋਂ ਵਾਂਝੇ ਹਨ। ਯੋਜਨਾ ਮਾਪਿਆਂ ਨੂੰ ਦੱਸਿਆ ਸੀ ਕਿ ਆਰਟੀਈ ਐਕਟ 2009 ਦੇ ਤਹਿਤ, ਹਰ ਪ੍ਰਾਈਵੇਟ ਸਕੂਲ ਵਿੱਚ 25% ਸੀਟਾਂ ਗਰੀਬ ਬੱਚਿਆਂ ਲਈ ਰਾਖਵੀਆਂ ਹਨ। ਵਲੰਟੀਅਰ ਮੌਕੇ ’ਤੇ ਹੀ ਅਰਜ਼ੀ ਫਾਰਮ ਭਰਵਾਉਣ ਜਾ ਰਹੇ ਸਨ ਤਾਂ ਜੋ ਬੱਚਿਆਂ ਦਾ ਦਾਖਲਾ ਪੱਕਾ ਕੀਤਾ ਜਾ ਸਕੇ।

# ਖੰਨਾ ਵਿਖੇ ਗੁ: ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਲਲਹੇੜੀ ਰੋਡ ਖੰਨਾ ਵਿਖੇ ਜਗਤ ਗੁਰੂ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਧੰਨ ਧੰਨ ਮਾਤਾ ਸੁਲੱਖਣੀ ਜੀ ਦਾ ਵਿਆਹ ਪੁਰਬ ਦਾ ਦਿਹਾੜਾ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ

ਖੰਨਾ :(ਤੇਜਿੰਦਰ ਸਿੰਘ ਆਰਟਿਸਟ) : ਸੰਤ ਬਾਬਾ ਨਾਮਦੇਵ ਸਭਾ ਗੁਰਦੁਆਰਾ (ਰਜਿ.) ਵੱਲੋਂ ਖੰਨਾ ਵਿਖੇ ਗੁ: ਸ਼੍ਰੋਮਣੀ ਭਗਤ ਬਾਬਾ ਨਾਮਦੇਵ ਜੀ ਲਲਹੇੜੀ ਰੋਡ ਖੰਨਾ ਵਿਖੇ ਜਗਤ ਗੁਰੂ ਧੰਨ ਧੰਨ ਸ਼੍ਰੀ ਗੁਰੂ ਨਾਨਕ ਦੇਵ ਜੀ ਅਤੇ ਧੰਨ ਧੰਨ ਮਾਤਾ ਸੁਲੱਖਣੀ ਜੀ ਦਾ ਵਿਆਹ ਪੁਰਬ ਦਾ ਦਿਹਾੜਾ ਬਹੁਤ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ ਜਿਸ ਵਿੱਚ ਅੰਮ੍ਰਿਤ ਵੇਲੇ ਨਿੱਤਨੇਮ ਦੀਆਂ ਬਾਣੀਆਂ ਅਤੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਸੰਗਤੀ ਰੂਪ ਵਿੱਚ ਪਾਠਾਂ ਦੇ ਭੋਗ ਉਪਰੰਤ ਹਜ਼ੂਰੀ ਰਾਗੀ ਭਾਈ ਪਰਮਜੀਤ ਸਿੰਘ ਜੀ ਰਹਿਮਤ ਦੇ ਜੱਥੇ ਵੱਲੋਂ ਗੁਰਬਾਣੀ ਦੇ ਮਨੋਹਰ ਕੀਰਤਨ ਅਤੇ ਕਥਾ ਵਿਖਿਆਨ ਨਾਲ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਗਏ। ਪ੍ਰਧਾਨ ਕਰਮਜੀਤ ਸਿੰਘ ਵਲੋਂ ਹਾਜ਼ਰ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਮੁੱਖ ਗ੍ਰੰਥੀ ਭਾਈ ਗੁਰਸ਼ਰਨ ਸਿੰਘ ਵਲੋਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਨਾਮਦੇਵ ਸਭਾ ਰਜਿ ਖੰਨਾ ਦੇ




ਪ੍ਰਧਾਨ ਕਰਮਜੀਤ ਸਿੰਘ ਮੀਤ ਪ੍ਰਧਾਨ ਦਵਿੰਦਰ ਸਿੰਘ ਮੋਹਲ, ਜਨਰਲ ਸਕੱਤਰ ਦਵਿੰਦਰ ਸਿੰਘ ਤੱਗੜ ਸੱਕਤਰ ਜਰਨੈਲ ਸਿੰਘ ਤੱਗੜ ਖ਼ਜਾਨਚੀ ਖ਼ੁਸ਼ਕਰਨ ਸਿੰਘ ਤੇ ਗੁਰਦਰਸ਼ਨ ਸਿੰਘ ਮੋਹਲ , ਗੁਰਮੀਤ ਸਿੰਘ ਕਾਲਾ, ਜਗਤਾਰਨਜੀਤ ਸਿੰਘ ਭੱਟ, ਕੇਸਰ ਸਿੰਘ ,ਬਾਬਾ ਕੁਲਦੀਪ ਸਿੰਘ ਮਨੇਜਰ ਭਾਗ ਸਿੰਘ ਪ੍ਰੇਮ ਸਿੰਘ ਭੰਬਰਾ, ਮੰਗਤ ਸਿੰਘ ਬਿਜਲੀ ਵਾਲੇ,ਮਨੀ ਸਿੰਘ , ਰਾਜਿੰਦਰ ਸਿੰਘ ਤੱਗੜ, ਫ਼ੌਜ਼ੀ ਕੁਲਵੰਤ ਸਿੰਘ, ਮਨਮੋਹਨ ਸਿੰਘ, ਪ੍ਰੇਮ ਸਿੰਘ ਭੰਬਰਾ ਹਰਸ਼ ਲਵਲੀ ਮਨਜੀਤ ਕੌਰ, ਗੁਰਪ੍ਰੀਤ ਕੌਰ ਅਮਰਜੀਤ ਕੌਰ ਆਦਿ ਹਾਜ਼ਰ ਸਨ।

# ਸੇਵਾ ਮੁਕਤ ਹੋਏ ਸੁਪਰਡੈਂਟ ਜਸਵਿੰਦਰ ਸਿੰਘ,ਐਸਟੀਪੀ ਪਰਮਪਾਲ ਸਿੰਘ ਨੂੰ ਦਿੱਤੀ ਸ਼ਾਨਦਾਰ ਵਿਦਾਇਗੀ

ਅੰਮ੍ਰਿਤਸਰ, (ਲੋਕ ਬਾਣੀ)- ਨਗਰ ਨਿਗਮ ਅੰਮ੍ਰਿਤਸਰ ਵਿਖੇ ਵੱਖ ਵੱਖ ਅਹੁਦਿਆਂ ਤੇ ਅਤੇ ਇਮਾਨਦਾਰੀ ਦੇ ਨਾਲ ਸੇਵਾਵਾਂ ਨਿਭਾਉਣ ਵਾਲੇ ਸੁਪਰਡੈਂਟ ਜਸਵਿੰਦਰ ਸਿੰਘ ਅਤੇ ਸੀਨੀਅਰ ਟਾਊਨ ਪਲੈਨਰ ਪਰਮਪਾਲ ਸਿੰਘ ਦੇ ਸੇਵਾ ਮੁਕਤ ਹੋਣ ਤੇ ਅਧਿਕਾਰੀਆਂ ਕਰਮਚਾਰੀ ਵੱਲੋਂ ਉਹਨਾਂ ਨੂੰ ਸ਼ਾਨਦਾਰ ਵਿਦਾਇਗੀ ਦਿੱਤੀ ਗਈ। ਨਗਰ ਨਿਗਮ ਦੇ ਮੁੱਖ ਮੀਟਿੰਗ ਹਾਲ ਵਿਖੇ ਆਯੋਜਿਤ ਸਨਮਾਨ ਸਮਾਰੋਹ ਦੇ ਦੌਰਾਨ ਮੇਅਰ ਜਤਿੰਦਰ ਸਿੰਘ ਮੋਤੀ ਭਾਟੀਆ,ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ,ਵਧੀਕ ਕਮਿਸ਼ਨਰ ਜੈ ਇੰਦਰ ਸਿੰਘ ਸਮੇਤ ਹੋਰ ਉੱਚ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਫੁੱਲਾਂ ਦੇ ਹਾਰ ਪਹਿਨਾ ਕੇ ਗੁਲਦਸਤੇ,ਸਿਰੋਪਾਓ, ਸ਼ਾਲ ਅਤੇ ਹੋਰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕਰਦਿਆਂ ਕਿਹਾ ਕਿ ਸੁਪਰਡੈਂਟ ਜਸਵਿੰਦਰ ਸਿੰਘ ਅਤੇ ਪਰਮਪਾਲ ਸਿੰਘ ਵੱਲੋਂ ਆਪਣੀ ਡਿਊਟੀ ਦੇ ਦੌਰਾਨ ਦਿੱਤੀਆਂ ਗਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਹਨਾਂ ਵੱਲੋਂ ਵਿਭਾਗਾਂ ਨੂੰ ਸਮਰਪਿਤ ਸੇਵਾਵਾਂ ਨੂੰ ਦੇਖਦੇ ਹੋਏ ਅੱਜ ਉਹਨਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ। ਸੁਪਰਡੈਂਟ ਜਸਵਿੰਦਰ ਸਿੰਘ ਸਾਲ 1999 ਦੇ ਵਿੱਚ ਬਤੌਰ ਇੰਸਪੈਕਟਰ ਭਰਤੀ ਹੋਏ ਸਨ। ਕਰੀਬ 26 ਸਾਲਾਂ ਡਿਊਟੀ ਦੇ ਦੌਰਾਨ ਉਹਨਾਂ ਵੱਲੋਂ



ਸੀਵਰੇਜ ਤੇ ਵਾਟਰ ਸਪਲਾਈ,ਪ੍ਰੋਪਰਟੀ ਟੈਕਸ, ਲਾਇਸੰਸ,ਅਸਟੇਟ, ਵਿਗਿਆਪਨ ਵਿਭਾਗਾਂ ਵਿੱਚ ਆਪਣੀਆਂ ਸੇਵਾਵਾਂ ਭੇਟ ਕੀਤੀਆਂ ਗਈਆਂ। ਮੰਚ ਸੰਚਾਲਨ ਸ਼ਮਸ਼ੇਰ ਸਿੰਘ ਕੋਹਰੀ ਵੱਲੋਂ ਕੀਤਾ ਗਿਆ।

# ਗੁਰੂ ਨਗਰੀ ਦੀ ਖੂਬਸੂਰਤੀ ਨੂੰ ਲੈ ਕੇ ਸੜਕਾਂ ਤੇ ਉਤਰੇ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿਲ

## ਵਧੀਕ ਕਮਿਸ਼ਨਰ ਜੈ ਇੰਦਰ ਸਿੰਘ ਨੇ ਵੀ ਇਲਾਕਿਆਂ ਦਾ ਦੌਰਾ ਕਰਦੇ ਹੋਏ ਗੰਦਗੀ ਹਟਾਉਣ ਦੇ ਦਿੱਤੇ ਆਦੇਸ਼

ਅੰਮ੍ਰਿਤਸਰ, (ਲੋਕ ਬਾਣੀ)- ਕੁਝ ਦਿਨ ਪਹਿਲਾਂ ਨਗਰ ਨਿਗਮ ਕਮਿਸ਼ਨਰ ਦਾ ਚਾਰਜ ਸੰਭਾਲਣ ਵਾਲੇ ਬਿਕਰਮਜੀਤ ਸਿੰਘ ਸ਼ੇਰਗਿੱਲ ਵੱਖ ਵਖ ਵਿਭਾਗਾਂ ਦੇ ਕੰਮਾਂ ਨੂੰ ਲੈ ਕੇ ਕਾਫੀ ਐਕਟਿਵ ਨਜ਼ਰ ਆ ਰਹੇ ਹਨ। ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਸ਼ਹਿਰ ਦੀਆਂ ਵੱਖ-ਵੱਖ ਸੜਕਾਂ ਦਾ ਅਚਾਨਕ ਦੌਰਾ ਕਰਕੇ ਸਫਾਈ ਦੇ ਕੰਮ ਦਾ ਜਾਇਜ਼ਾ ਲਿਆ। ਜਾਇੰਟ ਕਮਿਸ਼ਨਰ ਡਾ.ਜੈ ਇੰਦਰ ਸਿੰਘ ਨੇ ਵੀ ਰੇਲਵੇ ਸਟੇਸ਼ਨ ਤੋਂ ਇੰਡੀਆ ਗੇਟ ਤੱਕ ਦੀਆਂ ਸੜਕਾਂ 'ਤੇ ਕਈ ਥਾਵਾਂ ਦੀ ਜਾਂਚ ਕੀਤੀ। ਕਮਿਸ਼ਨਰ ਸ਼ੇਰਗਿੱਲ ਨੇ ਗੁਜਰਾਤੀ ਬਸਤੀ, ਰਾਮ ਬਾਗ ਚੌਕ,ਮੋਰਾਂਵਾਲਾ ਚੌਕ, ਆਈਡੀਐਚ ਮਾਰਕੀਟ,ਮਹਾ ਸਿੰਘ ਗੇਟ, ਹਾਲ ਬਜ਼ਾਰ,ਹੈਰਿਟੇਜ ਸਟਰੀਟ,ਕੱਤੜਾ ਜੈਮਲ ਸਿੰਘ ਅਤੇ ਸਿਕੰਦਰੀ ਗੇਟ ਦਾ ਦੌਰਾ ਕੀਤਾ।ਉਨ੍ਹਾਂ ਵਲੋਂ ਕੁਝ ਥਾਵਾਂ 'ਤੇ ਕੂੜਾ ਮਿਲਣ 'ਤੇ ਸਫਾਈ ਕਰਮਚਾਰੀਆਂ ਨੂੰ ਮੌਕੇ 'ਤੇ ਬੁਲਾ ਕੇ ਸਖ਼ਤ ਹੁਕਮ ਦਿੱਤੇ ਗਏ



ਕਿ ਸਾਰੀਆਂ ਸੜਕਾਂ ਦੀ ਰੋਜ਼ ਸਮੇਂ ਤੋਂ ਪਹਿਲਾਂ ਸਫਾਈ ਕੀਤੀ ਜਾਵੇ, ਗੰਦਗੀ ਕਰਨ ਅਤੇ ਕਬਜ਼ੇ ਕਰਨ ਵਾਲਿਆਂ ਖ਼ ?ਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਦੇ ਚਲਾਨ ਕੱਟੇ ਜਾਣ। ਕਮਿਸ਼ਨਰ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਹਰ ਰੋਜ਼ ਲੱਖਾਂ ਯਾਤਰੀ ਅਤੇ ਸ਼ਰਧਾਲੂ ਆਉਂਦੇ ਹਨ ਅਤੇ ਉਨ੍ਹਾਂ ਨੂੰ ਸ਼ਹਿਰ ਦੀ ਵਧੀਆ ਛਾਪ ਲੈ ਕੇ ਜਾਣੀ ਚਾਹੀਦੀ ਹੈ। ਉਨ੍ਹਾਂ ਨੇ ਨਾਗਰਿਕਾਂ ਨੂੰ ਵੀ ਅਪੀਲ ਕੀਤੀ ਕਿ ਸੜਕਾਂ 'ਤੇ ਕੂੜਾ ਨਾ ਸੁੱਟੋ ਅਤੇ ਸ਼ਹਿਰ ਨੂੰ ਹਰਾ-ਭਰਾ ਤੇ ਸਾਫ਼-ਸੁਥਰਾ ਰੱਖੋ। ਇਸ ਮੌਕੇ ਤੇ ਸਿਹਤ ਅਧਿਕਾਰੀ ਡਾ.ਯੋਗੇਸ਼ ਅਰੋੜਾ,ਡਾ.ਰਮਾ ਸਮੇਤ ਹੋਰ ਕਈ ਨਿਗਮ ਅਧਿਕਾਰੀ ਤੇ ਕਰਮਚਾਰੀ ਵੀ ਮੌਜੂਦ ਸਨ।

# ਡਿਪਟੀ ਕਮਿਸ਼ਨਰ ਵੱਲੋਂ ਰਾਹਤ ਕੈਂਪਾਂ ਦਾ ਜਾਇਜ਼ਾ, ਜ਼ਿਲੇ ਵਿੱਚ ਅੱਠ ਰਾਹਤ ਕੈਂਪ ਕਾਰਜਸ਼ੀਲ

## ਨਦੀ ਵਿੱਚ ਪਾਣੀ ਦਾ ਬਹਾਅ ਸਥਿਰ, ਲੋਕਾਂ ਨੂੰ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਦੀ ਅਪੀਲ

ਫਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)-ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਅੱਜ ਜਿਲ੍ਹੇ ਵਿੱਚ ਬਣੇ ਵੱਖ-ਵੱਖ ਰਾਹਤ ਕੈਂਪਾਂ ਦਾ ਦੌਰਾ ਕਰਕੇ ਇੱਥੇ ਰਹਿ ਰਹੇ ਲੋਕਾਂ ਨਾਲ ਗੱਲਬਾਤ ਕਰਕੇ ਯਕੀਨੀ ਬਣਾਇਆ ਕਿ ਲੋੜਵੰਦ ਲੋਕਾਂ ਤੱਕ ਰਾਹਤ ਸਮੱਗਰੀ ਪਹੁੰਚਦੀ ਰਹੇ। ਉਨਾਂ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਅੱਠ ਰਾਹਤ ਕੈਂਪ ਬਣਾਏ ਗਏ ਹਨ, ਜਿੱਥੇ ਆਉਣ ਵਾਲੇ ਲੋਕਾਂ ਨੂੰ ਰਸ਼ਦ, ਲੰਗਰ ਅਤੇ ਉਹਨਾਂ ਦੇ ਜਾਨਵਰਾਂ ਲਈ ਚਾਰਾ ਅਤੇ ਫੀਡ ਮੁਹਈਆ ਕਰਵਾਈ ਜਾ ਰਹੀ ਹੈ। ਉਹਨਾਂ ਨੇ ਕਿਹਾ ਕਿ ਮੈਡੀਕਲ ਟੀਮਾਂ ਵੀ ਲਗਾਤਾਰ ਪ੍ਰਭਾਵਿਤ ਖੇਤਰਾਂ ਵਿੱਚ ਕੰਮ ਕਰ ਰਹੀਆਂ ਹਨ ਅਤੇ ਮੱਛਰ ਮਾਰ ਦਵਾਈ ਦਾ ਸਪਰੇ ਵੀ ਰਾਹਤ ਕੈਂਪਾਂ ਵਿੱਚ ਕਰਵਾਇਆ



ਗਿਆ ਹੈ। ਖਬਰ ਲਿਖੇ ਜਾਣ ਤੱਕ ਉਨ੍ਹਾਂ ਢਾਣੀ ਮੋਹਨਾ ਰਾਮ, ਨੂਰ ਸਮੰਦ ਰਾਹਤ ਕੈਂਪ ਦਾ ਦੌਰਾ ਕੀਤਾ ਤੇ ਦੌਰਾ ਅਜੇ ਵੀ ਜਾਰੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਤਲੁਜ ਵਿੱਚ ਪਾਣੀ ਦਾ ਬਹਾਅ ਕੱਲ ਅਨੁਸਾਰ ਸਥਿਰ ਹੈ ਅਤੇ ਇਸ ਸਮੇਂ 2 ਲੱਖ 62 ਹਜਾਰ ਕਿਊਸਿਕ ਪਾਣੀ ਹੁਸੈਨੀਵਾਲਾ ਤੋਂ ਛੱਡਿਆ ਜਾ ਰਿਹਾ ਹੈ। ਹਾਲਾਂਕਿ ਹਰੀਕੇ ਹੈਡਵਰਕ ਤੋਂ ਨਿਕਾਸੀ ਵਿੱਚ 4 ਹਜਾਰ ਕਿਓਸਿਕ ਦੀ ਕਮੀ ਆਈ ਹੈ ।

# ਏ ਡੀ ਸੀ ਵਲੋਂ ਸ਼ਹਿਰ ਦਾ ਦੌਰਾ; ਟੋਏ ਭਰਨ ਅਤੇ ਸੀਵਰੇਜ ਦੀ ਸਫ਼ਾਈ ਦੇ ਦਿੱਤੇ ਨਿਰਦੇਸ਼

ਬਰਨਾਲਾ, 30 ਅਗਸਤ( ਗੋਇਲ)- ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੇ ਅਧਿਕਾਰੀ ਲੋਕ ਮਸਲਿਆਂ ਦੇ ਹੱਲ ਲਈ ਸਰਗਰਮ ਹਨ। ਅੱਜ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਨੁਪ੍ਰਿਤਾ ਜੌਹਲ ਵਲੋਂ ਬਰਨਾਲਾ ਸ਼ਹਿਰ ਦਾ ਦੌਰਾ ਕੀਤਾ ਗਿਆ ਅਤੇ ਅਧਿਕਾਰੀਆਂ ਨੂੰ ਟੋਏ ਭਰਨ ਅਤੇ ਸੀਵਰੇਜ ਸਫ਼ਾਈ ਦੇ ਨਿਰਦੇਸ਼ ਦਿੱਤੇ ਗਏ ਤਾਂ ਜੋ ਕਿ ਆਉਣ ਵਾਲੇ ਦਿਨਾਂ ਵਿਚ ਮੀਂਹ ਦੌਰਾਨ ਕੋਈ ਸਮੱਸਿਆ ਪੇਸ਼ ਨਾ ਆਵੇ। ਓਨ੍ਹਾਂ ਅੱਜ ਸੇਖਾ ਰੋਡ, ਜੰਡਵਾਲਾ ਰੋਡ, ਰਾਮਗੜੀਆ ਰੋਡ ਅਤੇ ਸਦਰ ਬਾਜ਼ਾਰ ਦਾ ਦੌਰਾ ਕੀਤਾ ਅਤੇ ਸਮੱਸਿਆਵਾਂ ਦਾ ਜਾਇਜ਼ਾ ਲਿਆ। ਓਨ੍ਹਾਂ ਦੱਸਿਆ ਕਿ ਸਦਰ ਬਾਜ਼ਾਰ ਵਿਚ ਟੋਏ ਭਰੇ ਜਾ ਰਹੇ ਹਨ। ਓਨ੍ਹਾਂ ਸੀਵਰੇਜ ਬੋਰਡ ਅਧਿਕਾਰੀਆਂ ਨੂੰ ਜਿੱਥੇ ਸੀਵਰੇਜ ਓਵਰਫਲੋ ਦਾ ਮਸਲਾ ਹੈ, ਦੀ ਸਫ਼ਾਈ ਦੇ ਨਿਰਦੇਸ਼ ਦਿੱਤੇ।





# ਮੈਡਮ ਪਰਮਜੀਤ ਵੱਲੋਂ ਜ਼ਿਲ੍ਹਾ ਸਿੱਖਿਆ ਅ.ਫਸਰ ਸੈਕੰਡਰੀ ਦਾ ਵਾਧੂ ਚਾਰਜ ਸੰਭਾਲਿਆ

ਗੁਰਦਾਸਪੁਰ ( ਜਸਵਿੰਦਰ ਸਿੰਘ ) ਮੈਡਮ ਪਰਮਜੀਤ ਵੱਲੋਂ ਅੱਜ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਦਾ ਵਾਧੂ ਚਾਰਜ ਸੰਭਾਲ ਲਿਆ ਇਸ ਮੌਕੇ ਡੀ ਈ ਓ ਸੈਕੰ: ਪਰਮਜੀਤ ਨੇ ਕਿਹਾ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ ਅਤੇ ਇਸ ਦੇ ਨਾਲ ਨਾਲ ਅਧਿਆਪਕਾਂ ਅਤੇ ਦਫਤਰ ਦਾ ਕੋਈ ਵੀ ਕੰਮ ਪੈਂਡਿੰਗ ਨਹੀਂ ਰਹਿਣ ਦਿੱਤਾ ਜਾਵੇਗਾ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਅਧਿਆਪਕ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਮੇਰੇ ਨਾਲ ਸਿੱਧਾ ਸੰਪਰਕ ਕਰ ਸਕਦੇ ਹਨ। ਉੱਪ ਜ਼ਿਲ੍ਹਾ ਸਿੱਖਿਆ ਅ.ਫਸਰ ਐਲੀ: ਡਾ. ਅਨਿਲ ਸ਼ਰਮਾ ਵੱਲੋਂ ਮੈਡਮ ਪਰਮਜੀਤ ਨੂੰ ਡੀ.ਈ.ਓ. ਸੈਕੰ: ਦਾ ਵਾਧੂ ਚਾਰਜ ਸੰਭਾਲਣ ਤੇ ਵਧਾਈ ਦਿੱਤੀ। ਇਸ ਦੌਰਾਨ ਸੁਪਰਡੰਟ ਪ੍ਰਬੋਧ ਕੁਮਾਰ , ਸਟੈਨੋ ਅਮਨ ਗੁਪਤਾ , ਗੁਰਦਿੱਤ ਸਿੰਘ, ਪਰਦੀਪ ਅਰੋੜਾ,ਜਸਬੀਰ ਕੁਮਾਰ, ਰਾਜੇਸ਼ ਕੁਮਾਰ, ਸੁਮਿਤ ਕੁਮਾਰ, ਸੁਰਿੰਦਰ ਕੁਮਾਰ, ਕਮਲ ਸ਼ਮਸ਼ੇਰ ਸਿੰਘ, ਮਨਜਿੰਦਰ ਸਿੰਘ, ਪਰਦੀਪ ਅਰੋੜਾ ਮਨਪ੍ਰੀਤ ਕੁਮਾਰ, ਸੁਨੀਤ ਕੁਮਾਰਆਦਿ ਹਾਜ਼ਰ ਸਨ

# ਹੜ੍ਹਾਂ ਵਿੱਚ ਫਸੇ ਲੋਕਾਂ ਲਈ ਵਰਦਾਨ ਸਾਬਤ ਹੋਇਆ ਪੰਜਾਬ ਸਰਕਾਰ ਦਾ ਹੈਲੀਕਾਪਟਰ-ਪੀਟਰ ਮੱਟੂ ਧਾਰੀਵਾਲ

## ਮਕੌੜਾ, ਕਲਾਨੌਰ ਤੇ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਹੁੰਚਾਈ ਰਾਹਤ ਸਮਗਰੀ

ਗੁਰਦਾਸਪੁਰ ( ਜਸਵਿੰਦਰ ਸਿੰਘ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਨਵਤਾ ਪੱਖੀ ਪਹੁੰਚ ਅਪਣਾਉਂਦੇ ਹੋਏ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਪਰਿਵਾਰਾਂ ਨੂੰ ਰਾਹਤ ਸਮਗਰੀ ਪਹੁੰਚਾਉਣ ਅਤੇ ਲੋਕਾਂ ਦੀ ਸਹਾਇਤਾ ਲਈ ਤਾਇਨਾਤ ਕੀਤੇ ਸੂਬਾ ਸਰਕਾਰ ਦੇ ਹੈਲੀਕਾਪਟਰ ਵੱਲੋਂ ਅੱਜ ਤੀਜੇ ਦਿਨ ਵੀ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲਗਾਤਾਰ ਰਾਹਤ ਕਾਰਜ ਚਲਾਏ ਜਾ ਰਹੇ ਹਨ ਪੰਜਾਬ ਸਰਕਾਰ ਦੇ ਹੈਲੀਕਾਪਟਰ ਵੱਲੋਂ ਅੱਜ ਫਿਰ ਡੇਰਾ ਬਾਬਾ ਨਾਨਕ ਹਲਕੇ ਦੇ ਹੜ੍ਹ ਦੇ ਪਾਣੀ ਵਿੱਚ ਘਿਰੇ ਪਿੰਡ ਹਰੂਵਾਲ, ਪੱਖੋਕੇ, ਸਾਧਾਂਵਾਲੀ, ਮਾਨ, ਮਛਰਾਲਾ, ਕਾਲ ?ਾਂਵਾਲੀ, ਸਮਰਾਏ, ਖਲੀਲਪੁਰ, ਖੁਸ਼ਹਾਲਪੁਰ, ਜੌੜੀਆਂ ਕਲਾਂ, ਜੌੜੀਆਂ ਖੁਰਦ, ਮੋਹਲ ਨੰਗਲ, ਕੋਠਾ, ਅਬਦਾਲ, ਰੱਤਾ, ਵੈਰੋਕੇ, ਠੇਠਰਕੇ, ਖੋਦੇ ਬੇਟ, ਮੰਗੀਆਂ, ਧਰਮਕੋਟ ਰੰਧਾਵਾ, ਮਾਨਸੁਰ, ਤਲਵੰਡੀ ਹਿੰਦੂਆਂ, ਸਹਿਜ਼ਾਦਾ, ਘਣੀਏ-ਕੇ-ਬੇਟ, ਧਰਮਕੋਟ ਪੱਤਣ, ਗੁਰਚੱਕ, ਡਾਲਾ, ਗੋਲਾ-ਢੋਲਾ, ਰੱਤੜ-ਛੱਤੜ, ਪੰਨਵਾਂ, ਧਰਮਾਬਾਦ, ਸਿੰਘਪੁਰਾ, ਬਹਿਲੋਪੁਰ, ਘੁੰਮਣ, ਚਾਕਾਂਵਾਲੀ, ਤਲਵੰਡੀ ਗੁਰਾਇਆ, ਚੌੜਾ ਅਤੇ ਖੁਸ਼ਹਾਲਪੁਰ ਦੇ ਵਸਨੀਕਾਂ ਤੱਕ ਰਾਹਤ ਸਮਗਰੀ ਪਹੁੰਚਾਈ ਇਸ ਦੇ ਨਾਲ ਹੀ ਹੈਲੀਕਾਪਟਰ ਵੱਲੋਂ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਹੜ੍ਹ ਵਿੱਚ ਘਿਰੇ ਪਿੰਡ ਮਕੌੜਾ, ਨਵੀਂ ਅਬਾਦੀ ਚੰਡੀਗੜ੍ਹ, ਮਰਾੜਾ, ਝਬਕਰਾ, ਚਿੱਠੀ, ਜੋਗਰ, ਸ਼ਮਸ਼ੇਰਪੁਰ, ਕਾਹਨਾ, ਜੈਨਪੁਰ, ਬਾਹਮਣੀ, ਦਬੁਰਜੀ, ਸ਼ਾਹਪੁਰ ਅਫ਼ਗਾਨਾ, ਦੁਗਰੀ, ਆਦੀ, ਇਸਲਾਮਪੁਰ, ਮਲੂਕ ਚੱਕ, ਠੁੰਡੀ, ਬਾਊਪੁਰ ਅਫ਼ਗਾਨਾ, ਸੰਗੋਰ, ਚਕਰੀ, ਸਲਾਚ, ਠੱਠੀ, ਓਗਰਾ, ਜੱਗੋ ਚੱਕ ਟਾਂਡਾ, ਚੱਕ ਰਾਜਾ, ਗਾਹਲੜੀ, ਸੰਦਲਪੁਰ, ਠਾਕੁਰਪੁਰ, ਜੀਵਨਪੁਰ ਅਤੇ ਕਜਲੇ ਵਿੱਚ ਵੀ ਰਾਹਤ ਸਮਗਰੀ ਪਹੁੰਚਾਈ ਗਈ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਹੈਲੀਕਾਪਟਰ ਰਾਹੀਂ ਰਾਹਤ ਸਮਗਰੀ ਪਹੁੰਚਾਉਣ ਮੌਕੇ ਨਗਰ ਸੁਧਾਰ ਟਰੱਸਟ ਅਤੇ ਟਰੱਸਟੀ ਗੁਰਦਾਸਪੁਰ ਦੇ ਪੀਟਰ ਮੱਟੂ ਧਾਰੀਵਾਲ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਹੈਲੀਕਾਪਟਰ ਹੜ੍ਹਾਂ ਵਿੱਚ ਫਸੇ ਲੋਕਾਂ ਲਈ ਵੱਡੀ ਰਾਹਤ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਦੇ ਕਈ ਪਿੰਡ ਰਾਵੀ ਤੋਂ ਵੀ ਪਾਰ ਹਨ ਜਿਨ੍ਹਾਂ ਦਾ ਸੰਪਰਕ ਪੂਰੀ ਤਰ੍ਹਾਂ ਨਾਲ ਟੁੱਟ ਚੁੱਕਾ ਹੈ ਅਤੇ ਓਥੇ ਤੱਕ ਕੇਵਲ ਹੈਲੀਕਾਪਟਰ ਰਾਹੀਂ ਹੀ ਪਹੁੰਚ ਹੋ ਸਕਦੀ ਸੀ।



ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨ੍ਹਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ।ਰੋਜ਼ਾਨਾ ਲੋਕ ਬਾਣੀ 'ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾਂ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ।

*Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of, Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com*

# ਚੇਅਰਮੈਨ ਰਮਨ ਬਹਿਲ ਵੱਲੋ ਹੜ੍ਹ ਪ੍ਰਭਾਵਿਤ ਪਿੰਡ ਬਲੱਗਣ ਤੇ ਕਮਾਲਪੁਰ ਅ.ਫਗਾਨਾ ਦਾ ਦੌਰਾ

## ਸੰਕਟ ਦੀ ਇਸ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਨਾਲ ਖੜੀ - ਰਮਨ ਬਹਿਲ

ਗੁਰਦਾਸਪੁਰ ( ਜਸਵਿੰਦਰ ਸਿੰਘ ) - ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਵੱਲੋਂ ਅੱਜ ਹੜ੍ਹ ਪ੍ਰਭਾਵਿਤ ਪਿੰਡ ਬਲੱਗਣ ਤੇ ਕਮਾਲਪੁਰ ਅ.ਫਗਾਨਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਹੜ੍ਹ ਕਾਰਨ ਇਨ੍ਹਾਂ ਪਿੰਡਾਂ ਵਿੱਚ ਲੋਕਾਂ ਦੇ ਮਕਾਨਾਂ ਤੇ ਹੋਰ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਹੜ੍ਹ ਪੀੜ੍ਹਤ ਵਿਅਕਤੀਆਂ ਨਾਲ ਗੱਲ ਕਰਦਿਆਂ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਸੂਬਾ ਸਰਕਾਰ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਕਰੇਗੀ। ਸ੍ਰੀ ਬਹਿਲ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੱਕ ਪਹੁੰਚ ਕਰਕੇ ਜਿਨ੍ਹਾਂ ਲੋਕਾਂ ਦਾ ਨੁਕਸਾਨ ਹੋਇਆ ਹੈ ਉਸਦਾ ਮੁਆਵਜ਼ਾ ਦਿਵਾਉਣ ਦੀ ਚਾਰਾਜੋਈ ਕਰਨਗੇ ਇਸ ਮੌਕੇ ਉਨ੍ਹਾਂ ਨਾਲ ਮਾਰਕਿਟ ਕਮੇਟੀ ਦੇ ਚੇਅਰਮੈਨ ਸ੍ਰੀ ਭਾਰਤ ਭੂਸ਼ਨ ਸ਼ਰਮਾ, ਨੀਰਜ ਸਲਹੋਤਰਾ, ਕਮਾਲਪੁਰ ਅਫ਼ਗਾਨਾ ਦੇ ਸਰਪੰਚ ਨਰਿੰਦਰ ਸਿੰਘ, ਪਿੰਡ ਬਲੱਗਣ ਦੇ ਸਰਪੰਚ ਪ੍ਰੀਤਮ ਸਿੰਘ, ਨਿਸ਼ਾਨ ਸਿੰਘ, ਨੰਬਰਦਾਰ ਅਮਰੀਕ ਸਿੰਘ, ਸੌਦਾਗਰ ਸਿੰਘ, ਰੌਬਿਨ, ਰਾਕੇਸ਼ ਸ਼ਰਮਾ ਤੇ ਹੈਪੀ ਤੋਂ ਇਲਾਵਾ ਇਲਾਕੇ ਦੇ ਹੋਰ ਵੀ ਮੁਹਤਬਰ ਹਾਜ਼ਰ ਸਨ



# ਹੜ ਪ੍ਰਭਾਵਿਤਾਂ ਨੂੰ ਰਾਸ਼ਨ ਵੰਡਣ ਦਾ ਦੂਜਾ ਰਾਊਂਡ ਸ਼ੁਰੂ, ਪਹਿਲੇ ਰਾਊਂਡ ਵਿੱਚ 3835 ਪਰਿਵਾਰਾਂ ਨੂੰ ਵੰਡਿਆ ਰਾਸ਼ਨ - ਤਰੁਨ ਪ੍ਰੀਤ ਸਿੰਘ ਸੌਂਦ

## ਫਾਜ਼ਿਲਕਾ ਦੇ ਰਾਹਤ ਕੈਂਪਾਂ ਵਿੱਚ 662 ਲੋਕਾਂ ਦੀ ਕੀਤੀ ਜਾ ਰਹੀ ਹੈ ਸੰਭਾਲ

ਫਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)–ਪੰਚਾਇਤ ਮੰਤਰੀ ਸ੍ਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਫਾਜ਼ਿਲਕਾ ਜਿਲੇ ਦੇ ਦੌਰੇ ਦੇ ਦੂਜੇ ਦਿਨ ਅੱਜ ਜਿਲਾ ਪ੍ਰਸ਼ਾਸਨ ਨਾਲ ਹੜ ਰਾਹਤ ਪ੍ਰਬੰਧਾਂ ਦੀ ਸਮੀਖਿਆ ਤੋਂ ਬਾਅਦ ਦੱਸਿਆ ਕਿ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜ਼ਿਲੇ ਵਿੱਚ ਹੜ ਪ੍ਰਭਾਵਿਤ ਪਰਿਵਾਰਾਂ ਨੂੰ ਰਾਸ਼ਨ ਵੰਡਣ ਦਾ ਪਹਿਲਾ ਰਾਊਂਡ ਪੂਰਾ ਕਰ ਲਿਆ ਗਿਆ ਹੈ ਅਤੇ ਹੁਣ ਦੂਜੇ ਰਾਊਂਡ ਵਿੱਚ ਮੁੜ ਤੋਂ ਉਹਨਾਂ ਪਰਿਵਾਰਾਂ ਤੱਕ ਰਾਸ਼ਨ ਕਿੱਟਾਂ ਭੇਜੀਆਂ ਜਾਣਗੀਆਂ । ਉਨਾਂ ਨੇ ਆਖਿਆ ਕਿ ਪਹਿਲੇ ਰਾਊਂਡ ਵਿੱਚ 3835 ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ ਹਨ ਅਤੇ ਕੈਟਲ ਫੀਡ ਤਕਸੀਮ ਕੀਤੀ ਗਈ ਹੈ। ਅੱਜ ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਨੇ ਦੱਸਿਆ ਕਿ ਜ਼ਿਲੇ ਦੇ 20 ਪਿੰਡ ਹੜਾਂ ਨਾਲ ਪ੍ਰਭਾਵਿਤ ਹਨ। ਉਹਨਾਂ ਦੱਸਿਆ ਕਿ ਇਹਨਾਂ ਪਿੰਡਾਂ ਡੀ 13,289 ਆਬਾਦੀ ਪ੍ਰਭਾਵਿਤ ਹੈ ਅਤੇ 8383 ਜਾਨਵਰ ਇਹਨਾਂ ਪਿੰਡਾਂ ਦੇ ਲੋਕਾਂ ਕੋਲ ਸਨ। ਉਹਨਾਂ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਐਨਡੀਆਰਐਫ ਅਤੇ ਆਰਮੀ ਦੀਆਂ ਹੜ ਰਾਹਤ ਟੀਮਾਂ ਕੰਮ ਕਰ ਰਹੀਆਂ ਹਨ ਅਤੇ ਹੁਣ ਜ਼ਿਲ੍ਹੇ ਵਿੱਚ ਐਨਡੀਆਰਐਫ ਦੀ ਇੱਕ ਹੋਰ ਟੀਮ ਤਾਇਨਾਤ ਕੀਤੀ ਜਾ ਰਹੀ ਹੈ। ਇਸ ਨਾਲ ਜ਼ਿਲ? ਵਿੱਚ ਰਾਹਤ ਕਾਰਜਾਂ ਵਿੱਚ ਲੱਗੀਆਂ ਕਿਸ਼ਤੀਆਂ ਦੀ ਗਿਣਤੀ ਵੱਧ ਕੇ 23 ਹੋ ਜਾਵੇਗੀ।




# ਜਗਤਪੁਰ ਟਾਂਡਾ ਦਰਿਆ ਬਿਆਸ ਧੁੱਸੀ ਬੰਨ੍ਹ ਦਾ ਜਾਇਜ਼ਾ ਲੈਣ ਪਹੁੰਚੇ ਕਾਂਗਰਸ ਦੇ ਸੂਬਾਈ ਆਗੂ, ਹੜ੍ਹਾਂ ਦੇ ਪ੍ਰਬੰਧਾਂ ਨੂੰ ਲੈ ਕੇ ਸਰਕਾਰ ਦੇ ਦਾਅਵਿਆਂ ਨੂੰ ਦੱਸਿਆ ਖੋਖਲਾ

## 250 ਕਰੋੜ ਰੁਪਏ ਜਾਰੀ ਹੋਣ ਦੇ ਬਾਵਜੂਦ ਨਹੀਂ ਹੋਈ ਡਰੇਨਾਂ ਦੀ ਸਫ਼ਾਈ ਅਤੇ ਨਾ ਹੀ ਪੱਕੇ ਹੋਏ ਧੁੱਸੀ ਬੰਨ੍ਹ : ਪ੍ਰਤਾਪ ਸਿੰਘ ਬਾਜਵਾ*

ਦੀਨਾਨਗਰ, ( ਡਾ.ਰਮੇਸ਼ ਸਰੰਗਲ)– ਦੀਨਾਨਗਰ ਦੇ ਪੁਰਾਣਾਸ਼ਾਲਾ ਖੇਤਰ ਅੰਦਰ ਹਡ ? ?ਹ ਦੇ ਸੰਭਾਵੀ ਖ਼ਤਰੇ ਨੂੰ ਦੇਖਦਿਆਂ ਅੱਜ ਹਲਕਾ ਵਿਧਾਇਕਾ ਅਰੁਣਾ ਚੌਧਰੀ ਦੇ ਨਾਲ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ, ਵਿਧਾਇਕ ਗੁਰਦਾਸਪੁਰ ਬਰਿੰਦਰਮੀਤ ਸਿੰਘ ਪਾਹਡ ?ਾ ਅਤੇ ਸੀਨੀਅਰ ਆਗੂ ਅਸ਼ੋਕ ਚੌਧਰੀ ਵੱਲੋਂ ਪਿੰਡ ਜਗਤਪੁਰ ਟਾਂਡਾ ਦਰਿਆ ਬਿਆਸ ਧੁੱਸੀ ਬੰਨ੍ਹ ਦਾ ਦੌਰਾ ਕੀਤਾ ਗਿਆ। ਇਸ ਦੌਰਾਨ ਆਗੂਆਂ ਨੇ ਧੁੱਸੀ ਬੰਨ੍ਹ ਦੀ ਸੇਫ਼ਟੀ ਅਤੇ ਡਰੇਨਾਂ ਦੀ ਸਫ਼ਾਈ ਵਿਵਸਥਾ ਦਾ ਜਾਇਜ਼ਾ ਲੈਣ ਉਪਰੰਤ ਪੰਜਾਬ ਸਰਕਾਰ ਦੇ ਹਡ ? ?ਹਾਂ ਦੇ ਪ੍ਰਬੰਧਾਂ ਨੂੰ ਲੈ ਕੇ ਕੀਤੇ ਜਾਂਦੇ ਦਾਅਵਿਆਂ ਨੂੰ ਹਵਾਈ ਕਰਾਰ ਦਿੱਤਾ। ਆਗੂਆਂ ਨੇ ਕਿਹਾ ਕਿ 'ਆਪ' ਸਰਕਾਰ ਪੌਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਇੱਥੇ ਧੁੱਸੀ ਬੰਨ੍ਹ ਅਤੇ 2023 ਦੇ ਹਡ ? ?ਹ ਦੌਰਾਨ ਟੁੱਟੇ ਸੇਫ਼ਟੀ ਬੰਨ੍ਹਾਂ ਦੀ ਖ਼ਸਤਾ ਹਾਲਤ ਵੱਲ ਧਿਆਨ ਨਹੀਂ ਦੇ ਪਾਈ ਹੈ ਅਤੇ ਨਾ ਹੀ ਡਰੇਨਾਂ ਦੀ ਸਫ਼ਾਈ ਕਰਵਾਈ ਗਈ ਹੈ। ਜਿਸ ਕਾਰਨ ਡਰੇਨਾਂ ਤੋਂ ਪਾਣੀ ਓਵਰਫਲੋ ਹੋਣ ਕਾਰਨ ਫ਼ਸਲਾਂ ਦਾ ਭਾਰੀ ਨੁਕਸਾਨ ਹੋ ਰਿਹਾ ਹੈ।



# ਹੜ੍ਹਾਂ ਵਿੱਚ ਫਸੇ ਲੋਕਾਂ ਲਈ ਵਰਦਾਨ ਸਾਬਤ ਹੋਇਆ ਪੰਜਾਬ ਸਰਕਾਰ ਦਾ ਹੈਲੀਕਾਪਟਰ-ਮਾਈਕਲ ਸੋਹਤਾ

## ਮਕੌੜਾ, ਕਲਾਨੌਰ ਤੇ ਡੇਰਾ ਬਾਬਾ ਨਾਨਕ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਪਹੁੰਚਾਈ ਰਾਹਤ ਸਮਗਰੀ

ਗੁਰਦਾਸਪੁਰ ( ਜਸਵਿੰਦਰ ਸਿੰਘ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਾਨਵਤਾ ਪੱਖੀ ਪਹੁੰਚ ਅਪਣਾਉਂਦੇ ਹੋਏ ਸੂਬੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਫਸੇ ਪਰਿਵਾਰਾਂ ਨੂੰ ਰਾਹਤ ਸਮਗਰੀ ਪਹੁੰਚਾਉਣ ਅਤੇ ਲੋਕਾਂ ਦੀ ਸਹਾਇਤਾ ਲਈ ਤਾਇਨਾਤ ਕੀਤੇ ਸੂਬਾ ਸਰਕਾਰ ਦੇ ਹੈਲੀਕਾਪਟਰ ਵੱਲੋਂ ਅੱਜ ਤੀਜੇ ਦਿਨ ਵੀ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਲਗਾਤਾਰ ਰਾਹਤ ਕਾਰਜ ਚਲਾਏ ਜਾ ਰਹੇ ਹਨ ਪੰਜਾਬ ਸਰਕਾਰ ਦੇ ਹੈਲੀਕਾਪਟਰ ਵੱਲੋਂ ਅੱਜ ਫਿਰ ਡੇਰਾ ਬਾਬਾ ਨਾਨਕ ਹਲਕੇ ਦੇ ਹੜ੍ਹ ਦੇ ਪਾਣੀ ਵਿੱਚ ਘਿਰੇ ਪਿੰਡ ਹਰੂਵਾਲ, ਪੱਖੋਕੇ, ਸਾਧਾਂਵਾਲੀ, ਮਾਨ, ਮਛਰਾਲਾ, ਕਾਲ ?ਂਵਾਲੀ, ਸਮਰਾਏ, ਖਲੀਲਪੁਰ, ਖੁਸ਼ਹਾਲਪੁਰ, ਜੌੜੀਆਂ ਕਲਾਂ, ਜੌੜੀਆਂ ਖੁਰਦ, ਮੋਹਲ ਨੰਗਲ, ਕੋਠਾ, ਅਬਦਾਲ, ਰੱਤਾ, ਵੈਰੋਕੇ, ਠੇਠਰਕੇ, ਖੋਦੇ ਬੇਟ, ਮੰਗੀਆਂ, ਧਰਮਕੋਟ ਰੰਧਾਵਾ, ਮਾਨਸੂਰ, ਤਲਵੰਡੀ ਹਿੰਦੂਆਂ, ਸਹਿਜ਼ਾਦਾ, ਘਣੀਏ-ਕੇ-ਬੇਟ, ਧਰਮਕੋਟ ਪੱਤਣ, ਗੁਰਚੱਕ, ਡਾਲਾ, ਗੋਲਾ-ਢੋਲਾ, ਰੱਤੜ-ਛੱਤੜ, ਪੰਨਵਾਂ, ਧਰਮਾਬਾਦ, ਸਿੰਘਪੁਰਾ, ਬਹਿਲੋਪੁਰ, ਘੁੰਮਣ, ਚਾਕਾਂਵਾਲੀ, ਤਲਵੰਡੀ ਗੁਰਾਇਆ, ਚੌੜਾ ਅਤੇ ਖੁਸ਼ਹਾਲਪੁਰ ਦੇ ਵਸਨੀਕਾਂ ਤੱਕ ਰਾਹਤ ਸਮਗਰੀ ਪਹੁੰਚਾਈ ਇਸ ਦੇ ਨਾਲ ਹੀ ਹੈਲੀਕਾਪਟਰ ਵੱਲੋਂ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਹੜ੍ਹ ਵਿੱਚ ਘਿਰੇ ਪਿੰਡ ਮਕੌੜਾ, ਨਵੀਂ ਅਬਾਦੀ ਚੰਡੀਗੜ੍ਹ, ਮਰਾੜਾ, ਝਬਕਰਾ, ਚਿੱਠੀ, ਜੋਗਰ, ਸ਼ਮਸ਼ੇਰਪੁਰ, ਕਾਹਨਾ, ਜੈਨਪੁਰ, ਬਾਹਮਣੀ, ਦਬੁਰਜੀ, ਸ਼ਾਹਪੁਰ ਅਫ਼ਗਾਨਾ, ਦੁਗਰੀ, ਆਦੀ, ਇਸਲਾਮਪੁਰ, ਮਲੂਕ ਚੱਕ, ਠੁੰਡੀ, ਬਾਊਪੁਰ ਅਫ਼ਗਾਨਾ, ਸੰਗੋਰ, ਚਕਰੀ, ਸਲਾਚ, ਠੱਠੀ, ਓਗਰਾ, ਜੱਗੋ ਚੱਕ ਟਾਂਡਾ, ਚੱਕ ਰਾਜਾ, ਗਾਹਲੜੀ, ਸੰਦਲਪੁਰ, ਠਾਕੁਰਪੁਰ, ਜੀਵਨਪੁਰ ਅਤੇ ਕਜਲੇ ਵਿੱਚ ਵੀ ਰਾਹਤ ਸਮਗਰੀ ਪਹੁੰਚਾਈ ਗਈ



# ਪੁਲਵਾਮਾ ਵਿੱਚ ਤਾਇਨਾਤ ਸੀਆਰਪੀਐਫ ਇੰਸਪੈਕਟਰ ਦੀ ਲਾਸ਼ ਉਸਦੀ ਪਤਨੀ ਨਾਲ ਝਗੜੇ ਤੋਂ ਬਾਅਦ ਮਿਲੀ : ਜਾਂਚ ਸ਼ੁਰੂ

ਸੁਨੀਲ ਬਾਜਪਾਈ, ਕਾਨਪੁਰ। ਪੁਲਵਾਮਾ ਵਿੱਚ ਤਾਇਨਾਤ ਸੀਆਰਪੀਐਫ ਇੰਸਪੈਕਟਰ ਦੀ ਲਾਸ਼, ਜੋ ਆਪਣੀ ਪਤਨੀ ਨਾਲ ਝਗੜੇ ਤੋਂ ਬਾਅਦ ਘਰੋਂ ਨਿਕਲਿਆ ਸੀ, ਦੀ ਲਾਸ਼ ਕੇਂਦਰੀ ਰੇਲਵੇ ਸਟੇਸ਼ਨ 'ਤੇ ਉਸਦੀ ਕਾਰ ਵਿੱਚੋਂ ਬਰਾਮਦ ਕੀਤੀ ਗਈ ਹੈ। ਜਿਸ ਤੋਂ ਬਾਅਦ ਪੁਲਿਸ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਕੇ ਘਟਨਾ ਦੀ ਜਾਂਚ ਕਰ ਰਹੀ ਹੈ।

ਪੁਲਿਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, ਪਾਰਕਿੰਗ ਆਪਰੇਟਰ ਨੇ ਸ਼ਾਮ 7 ਵਜੇ ਦੇ ਕਰੀਬ ਉਸਦੀ ਲਾਸ਼ ਦੇਖੀ। ਉਸਨੇ ਜੀਆਰਪੀ ਨੂੰ ਘਟਨਾ ਬਾਰੇ ਸੂਚਿਤ ਕੀਤਾ।

ਜਿਸ ਤੋਂ ਬਾਅਦ ਜੀਆਰਪੀ ਅਤੇ ਫੋਰੈਂਸਿਕ ਟੀਮ ਤੁਰੰਤ ਮੌਕੇ 'ਤੇ ਪਹੁੰਚੀ ਅਤੇ ਕਾਰ ਦੀ ਜਾਂਚ ਕਰਨ ਦੇ ਨਾਲ-ਨਾਲ ਲਾਸ਼ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ। ਜਾਣਕਾਰੀ ਅਨੁਸਾਰ, ਇੰਸਪੈਕਟਰ ਉੱਤਰਾਖੰਡ ਦਾ ਰਹਿਣ ਵਾਲਾ ਸੀ। ਉਹ ਪੁਲਵਾਮਾ ਵਿੱਚ ਤਾਇਨਾਤ ਸੀ। ਜੀਆਰਪੀ ਇੰਸਪੈਕਟਰ ਓਮ ਨਾਰਾਇਣ ਸਿੰਘ ਨੇ ਦੱਸਿਆ ਕਿ ਉਤਰਾਖੰਡ ਦੇ ਪਿਥੌਰਾਗੜ੍ਹ ਦਾ ਰਹਿਣ ਵਾਲਾ ਨਿਰਮਲ ਉਪਾਧਿਆਏ (38) ਸੀਆਰਪੀਐਫ ਵਿੱਚ ਇੰਸਪੈਕਟਰ ਵਜੋਂ ਤਾਇਨਾਤ ਸੀ। ਨਿਰਮਲ ਦਾ ਵਿਆਹ 27 ਨਵੰਬਰ 2023 ਨੂੰ ਸਾਕੇਤ ਨਗਰ ਦੀ ਰਹਿਣ ਵਾਲੀ ਰਾਸ਼ੀ ਨਾਲ ਹੋਇਆ ਸੀ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਦੱਸਿਆ ਕਿ ਨਿਰਮਲ ਉਪਾਧਿਆਏ ਲਗਭਗ 12 ਦਿਨ ਪਹਿਲਾਂ ਮੈਡੀਕਲ ਛੁੱਟੀ 'ਤੇ ਕਾਨਪੁਰ ਆਇਆ ਸੀ। ਦੇਰ ਰਾਤ ਸ਼ਰਾਬ ਪੀਣ ਤੋਂ ਬਾਅਦ ਸਾਡੀ ਲੜਾਈ ਹੋ ਗਈ। ਉਸਨੇ ਮੇਰੀ ਕੁੱਟਮਾਰ ਕੀਤੀ। ਮੈਂ ਇਸ ਬਾਰੇ ਕਿਦਵਈ ਨਗਰ ਪੁਲਿਸ ਨੂੰ ਸ਼ਿਕਾਇਤ ਕੀਤੀ। ਇਸ ਤੋਂ ਬਾਅਦ ਉਹ ਸਵੇਰੇ 7 ਵਜੇ ਦੇ ਕਰੀਬ ਆਪਣੇ ਕਿਰਾਏਦਾਰ ਸੰਜੇ ਚੌਹਾਨ ਨਾਲ ਬਿਨਾਂ ਕਿਸੇ ਨੂੰ ਦੱਸੇ ਕਾਰ ਵਿੱਚ ਘਰੋਂ ਚਲਾ ਗਿਆ। ਇਸ ਤੋਂ ਬਾਅਦ ਉਸਦੀ ਲਾਸ਼ ਕਾਰ ਵਿੱਚੋਂ ਬਰਾਮਦ ਹੋਈ। ਪੁਲਿਸ ਨੇ ਕਿਹਾ ਕਿ ਘਟਨਾ ਦੀ ਜਾਂਚ ਕੀਤੀ ਜਾ ਰਹੀ ਹੈ।

# ਕੁਆਲਟੀ ਪ੍ਰੋਗਰਾਮ ਅਧੀਨ ਤਰਸੇਮ ਸਿੰਘ ਢਿੱਲੋਂ ਨੂੰ ਮਿਲਿਆ ਬੈਸਟ ਇੰਪਲਾਈ ਐਵਾਰਡ

ਖੰਨਾ (ਤੇਜਿੰਦਰ ਸਿੰਘ ਆਰਟਿਸਟ) ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਸਰਕਾਰੀ ਹਸਪਤਾਲਾਂ ਵਿੱਚ ਸਿਹਤ ਸੇਵਾਵਾਂ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਕੁਆਲਟੀ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ। ਇਸ ਪ੍ਰੋਗਰਾਮ ਦੇ ਤਹਿਤ ਹਰ ਮਹੀਨੇ ਉੱਤਮ ਪ੍ਰਦਰਸ਼ਨ ਕਰਨ ਵਾਲੇ ਕਰਮਚਾਰੀ ਨੂੰ ਸਨਮਾਨਿਤ ਕੀਤਾ ਜਾਂਦਾ ਹੈ। ਇਸੇ ਕੜੀ ਵਿੱਚ ਸਿਵਲ ਹਸਪਤਾਲ ਖੰਨਾ ਦੇ ਸੀਨੀਅਰ ਮੈਡੀਕਲ ਅਫ਼ਸਰ (ਐਸ.ਐਮ.ਓ.) ਡਾ. ਮਨਿੰਦਰ ਸਿੰਘ ਭਸੀਨ ਵੱਲੋਂ ਫਾਰਮੇਸੀ ਅਫ਼ਸਰ ਤਰਸੇਮ ਸਿੰਘ ਢਿੱਲੋਂ ਨੂੰ ਮਹੀਨਾ ਅਗਸਤ ਦਾ ਬੈਸਟ ਇੰਪਲਾਈ ਐਵਾਰਡ ਦਿੱਤਾ ਗਿਆ। ਇਸ ਮੌਕੇ ਡਾ. ਭਸੀਨ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਨਮਾਨ ਕਰਮਚਾਰੀਆਂ ਵਿੱਚ ਕੰਮ ਲਈ ਜੋਸ਼ ਅਤੇ ਉਤਸ਼ਾਹ ਪੈਦਾ ਕਰਦੇ ਹਨ। ਉਹਨਾਂ ਕਿਹਾ ਕਿ ਕਰਮਚਾਰੀ ਜਦੋਂ ਆਪਣੇ ਕੰਮ ਲਈ ਸਨਮਾਨਿਤ ਹੁੰਦੇ ਹਨ ਤਾਂ ਉਹ ਹੋਰ ਵੀ ਬਿਹਤਰ ਸੇਵਾਵਾਂ ਦੇਣ ਲਈ ਪ੍ਰੇਰਿਤ ਹੁੰਦੇ ਹਨ। ਫਾਰਮੇਸੀ ਅਫ਼ਸਰ ਤਰਸੇਮ ਸਿੰਘ ਢਿੱਲੋਂ ਨੇ ਇਹ ਸਨਮਾਨ ਮਿਲਣ 'ਤੇ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸਿਰਫ਼ ਉਹਨਾਂ ਲਈ ਨਹੀਂ ਸਗੋਂ ਪੂਰੇ ਸਟਾਫ਼ ਲਈ ਮਾਣ ਦੀ ਗੱਲ ਹੈ। ਉਹਨਾਂ ਸਰਕਾਰ ਦੇ ਕੁਆਲਟੀ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਨਾਲ ਹਸਪਤਾਲੀ ਸੇਵਾਵਾਂ ਵਿੱਚ ਸੁਧਾਰ ਆ ਰਿਹਾ ਹੈ ਤੇ ਮਰੀਜ਼ਾਂ ਨੂੰ ਬਿਹਤਰ ਸਹੂਲਤਾਂ ਮਿਲ ਰਹੀਆਂ ਹਨ। ਇਸ ਮੌਕੇ ਡਾ. ਨਵਨੀਤ ਕੌਰ ਨੋਡਲ ਅਫ਼ਸਰ, ਡਾ. ਗੁਰਵਿੰਦਰ ਕੱਕੜ, ਡਾ. ਰਜਤ, ਫਾਰਮੇਸੀ ਅਫ਼ਸਰ ਨੀਰਜ ਵਰਮਾ ਅਤੇ ਨਰਸਿੰਗ ਸਿਸਟਰ ਕੁਲਵੀਰ ਕੌਰ ਵੀ ਹਾਜ਼ਰ ਸਨ। ਸਮਾਗਮ ਦੌਰਾਨ ਸਾਰੇ ਸਟਾਫ਼ ਨੇ ਇਕ-ਦੂਜੇ ਨੂੰ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਦਾ ਵਚਨ ਦਿੱਤਾ।



# ਰਾਜਸਥਾਨ ਦੀ ਭਾਜਪਾ ਸਰਕਾਰ ਆਪਣੀਆਂ ਸਿੱਖ ਵਿਰੋਧੀ ਹਰਕਤਾਂ ਤੋਂ ਬਾਜ ਆਵੇ-ਤੇਜਿੰਦਰਪਾਲ ਟਿੰਮਾ

## 40 ਸਾਲ ਪਹਿਲਾਂ ਮਾਮਲਿਆਂ ਵਿੱਚੋਂ ਬਰੀ ਹੋਏ ਸਿੱਖਾਂ ਨੂੰ ਥਾਣੇ ਬੁਲਾ ਕੇ ਦੁਬਾਰਾ ਤੰਗ ਕਰਨਾ ਬਹੁਤ ਨਿੰਦਣਯੋਗ

ਹੁਸ਼ਿਆਰਪੁਰ/ਸ਼੍ਰੀ ਗੰਗਾ ਨਗਰ, ( ਤਰਸੇਮ ਦੀਵਾਨਾ )-ਰਾਜਸਥਾਨ ਦੀ ਭਾਜਪਾ ਸਰਕਾਰ ਸਿੱਖ ਭਾਈਚਾਰੇ ਨੂੰ ਡਰਾਉਣ ਲਈ ਪੁਲਿਸ ਦੀ ਵਰਤੋਂ ਕਰ ਰਹੀ ਹੈ, ਜੋ ਕਿ ਸਿੱਖ ਭਾਈਚਾਰੇ ਨੂੰ ਇੱਕ ਆਜ਼ਾਦ ਦੇਸ਼ ਵਿੱਚ ਗੁਲਾਮਾਂ ਵਾਂਗ ਮਹਿਸੂਸ ਕਰਵਾਉਣ ਦੇ ਬਰਾਬਰ ਹੈ।ਜਿਸ ਤਰ੍ਹਾਂ ਸਿੱਖ ਨੌਜਵਾਨਾਂ ਅਤੇ ਬਜ਼ੁਰਗਾਂ ਨੂੰ ਥਾਣੇ ਬੁਲਾ ਕੇ ਉਨ੍ਹਾਂ ਨੂੰ ਤੰਗ ਪ੍ਰੇਸ਼ਾਨ ਕਰ ਰਹੀ ਹੈ, ਉਹ ਬਹੁਤ ਨਿੰਦਣਯੋਗ ਹੈ। ਇਹ ਵਿਚਾਰ ਧਰਮ ਪ੍ਰਚਾਰ ਕਮੇਟੀ ਰਾਜਸਥਾਨ ਦੇ ਚੇਅਰਮੈਨ ਅਤੇ ਸਿੱਖ ਸਲਾਹਕਾਰ ਕਮੇਟੀ ਦੇ ਕਨਵੀਨਰ ਤੇਜਿੰਦਰ ਪਾਲ ਸਿੰਘ ਟਿੰਮਾ ਨੇ ਪ੍ਰਗਟ ਕਰਦਿਆਂ ਰਾਜਸਥਾਨ ਸਰਕਾਰ ਉੱਪਰ ਦੋਸ਼ ਲਾਇਆ ਇੱਕ ਸਾਜ਼ਿਸ਼ ਤਹਿਤ ਸੂਬੇ ਵਿੱਚ ਸਿੱਖ ਹਿੱਤਾਂ ਦਾ ਘਾਣ ਕੀਤਾ ਜਾ ਰਿਹਾ ਹੈ ਉਨ੍ਹਾਂ ਕਿਹਾ ਕਿ ਰਾਜਸਥਾਨ ਦੀ ਭਾਜਪਾ ਸਰਕਾਰ ਦੀਆਂ ਸਿੱਖ ਵਿਰੋਧੀ ਨੀਤੀਆਂ ਕਾਰਨ ਸੂਬੇ ਵਿੱਚ ਸਿੱਖ ਲਗਾਤਾਰ ਭਾਜਪਾ ਦਾ ਜ਼ੋਰਦਾਰ ਵਿਰੋਧ ਕਰ ਰਹੇ ਹਨ ਅਤੇ ਇਸ ਵਿਰੋਧ ਨੂੰ ਦਬਾਉਣ ਲਈ ਹੀ ਭਾਜਪਾ ਨੇ ਇੱਕ ਅਣਐਲਾਨੀ ਐਮਰਜੈਂਸੀ ਦਾ ਸਹਾਰਾ ਲਿਆ ਹੈ। ਅਤੇ ਇਸ ਅਣਐਲਾਨੀ ਐਮਰਜੈਂਸੀ ਤਹਿਤ, 40-40 ਸਾਲ ਪਹਿਲਾਂ ਮਾਮਲਿਆਂ ਵਿੱਚੋਂ ਬਰੀ ਹੋਏ ਸਿੱਖਾਂ ਨੂੰ ਥਾਣੇ ਬੁਲਾ ਕੇ ਉਨ੍ਹਾਂ ਨੂੰ ਘੰਟਿਆਂਬੱਧੀ ਉੱਥੇ ਬਿਠਾਉਣਾ ਨਾ ਸਿਰਫ਼ ਗੈਰ-ਕਾਨੂੰਨੀ ਹੈ ਸਗੋਂ ਮਨੁੱਖੀ ਅਧਿਕਾਰਾਂ ਦੀ ਘੋਰ ਉਲੰਘਣਾ ਵੀ ਹੈ।




# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

ਫਾਜਿਲਕਾ (ਰਾਜ ਅਰੋੜਾ)-ਜ਼ਿਲ੍ਹਾ ਮੈਜਿਸਟ?ਰੇਟ ਅਮਰਪ੍ਰੀਤ ਕੌਰ ਸੰਧੂ ਆਈ.ਏ.ਐਸ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਹ 2023 ਦੀ ਧਾਰਾ 163 (ਪੁਰਾਣੀ ਸੀਆਰਪੀਸੀ, 1973 ਦੀ ਧਾਰਾ 144) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋ ਕਰਦਿਆਂ ਜ਼ਿਲ੍ਹੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ। ਇਹ ਪਾਬੰਦੀਆਂ 31 ਅਕਤੂਬਰ 2025 ਤੱਕ ਲਾਗੂ ਰਹਿਣਗੀਆਂ ਅਤੇ ਉਲੰਘਣਾ ਕਰਨ ਵਾਲਿਆਂ ਤੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਹੁਕਮ ਵਿੱਚ ਜ਼ਿਲ੍ਹਾ ਮੈਜਿਸਟਰੇਟ ਨੇ ਜ਼ਿਲ੍ਹੇ ਅੰਦਰ 50 ਮਾਈਕਰੋਨ ਤੋਂ ਘੱਟ ਮੋਟਾਈ 8*13 ਆਕਾਰ ਤੋਂ ਘੱਟ ਅਤੇ ਨਿਰਧਾਰਤ ਰੰਗ ਤੋਂ ਬਗੈਰ ਦੇ ਅਲੱਗ ਪਲਾਸਟਿਕ ਦੇ ਲਿਫਾਫਿਆਂ ਦੀ ਵਰਤੋਂ/ ਬਣਾਉਣ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਤੋਂ ਇਲਾਵਾ ਇਹ ਲਿਫਾਫੇ ਨਾਲੀਆਂ/ਸੀਵਰੇਜ ਜਾਂ ਪਬਲਿਕ ਸਥਾਨਾਂ ਤੇ ਸੁੱਟਣ ਦੀ ਵੀ ਪਾਬੰਦੀ ਲਗਾਈ ਜਾਂਦੀ ਹੈ। ਇਨ੍ਹਾਂ ਦੀ ਵਰਤੋਂ ਨਾਲ ਸਫਾਈ ਵਿਚ ਵਿਘਨ ਪੈਂਦਾ ਹੈ ਅਤੇ ਸੀਵਰੇਜ ਆਦਿ ਵਿਚ ਫਸ ਜਾਣ ਕਾਰਨ ਸੀਵਰੇਜ ਬੰਦ ਹੋ ਜਾਂਦਾ ਹੈ ਅਤੇ ਗੰਦਾ ਪਾਣੀ ਸੜਕਾਂ, ਗਲੀਆਂ ਵਿਚ ਆ ਜਾਂਦਾ ਹੈ ਜਿਸ ਦੇ ਸਿੱਟੇ ਵਜੋਂ ਵਾਤਾਵਰਣ ਅਤੇ ਸਿਹਤ ਸਬੰਧੀ ਖਤਰਨਾਕ ਸਮੱਸਿਆਵਾਂ ਪੈਦਾ ਹੋ ਰਹੀਆਂ ਹਨ। ਇਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਫਾਜ਼ਿਲਕਾ ਦੇ ਬਾਰਡਰ ਨੇੜਲੇ ਪਿੰਡਾ ਅਤੇ ਬੀ.ਪੀ.ਓਜ ਦੇ ਨੇੜੇ ਸਾਮ 6 ਵਜੇ ਤੋਂ ਸਵੇਰੇ 8 ਵਜੇ ਤੱਕ ਆਮ ਜਨਤਾ ਨੂੰ ਆਉਣ ਜਾਣ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਸਰਹੱਦੀ ਖੇਤਰ ਦੀ ਸੁਰੱਖਿਆ ਪੁਖਤਾ ਕਰਨ ਦੇ ਮੰਤਵ ਤਹਿਤ ਆਮ ਲੋਕਾਂ ਲਈ ਜ਼ਿਲ੍ਹਾ ਫਾਜ਼ਿਲਕਾ ਵਿਚ ਸਰਹੱਦੀ ਖੇਤਰਾਂ ਦੇ ਨਾਲ-ਨਾਲ ਬੀ.ਓ.ਪੀਜ ਦੇ ਨੇੜੇ ਆਉਣ-ਜਾਣ ਲਈ ਪਾਬੰਦੀ ਲਗਾਉਣ ਦੀ ਜਰੂਰਤ ਹੈ। ਇਹ ਹੁਕਮ ਫੌਜ, ਬੀ.ਐਸ.ਐਫ., ਪੁਲਿਸ, ਠੇਕੇਦਾਰ 'ਤੇ ਉਹ ਮਜ਼ਦੂਰ ਜੋ ਕਿ ਮਿਲਟਰੀ ਏਰੀਆ ਵਿਚ ਮਜ਼ਦੂਰੀ ਦਾ ਕੰਮ ਕਰਦੇ ਹੋਣ ਜਾਂ ਸਮਰੱਥ ਅਧਿਕਾਰੀ ਵੱਲੋਂ ਜਾਰੀ ਪਰਮਿਟ 'ਤੇ ਲਾਗੂ ਨਹੀਂ ਹੋਣਗੇ। ਇਕ ਹੋਰ ਹੁਕਮ ਰਾਹੀਂ ਜ਼ਿਲ੍ਹਾ ਮੈਜਿਸਟਰੇਟ ਨੇ ਫਾਜ਼ਿਲਕਾ ਜ਼ਿਲ੍ਹੇ ਦੀ ਹਦੂਦ ਅੰਦਰ ਕੋਬਰਾ/ ਕੰਡਿਆਲੀ ਤਾਰ ਨੂੰ ਵੇਚਣ, ਖਰੀਦਣ ਅਤੇ ਵਰਤਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਈ ਹੈ। ਲੋਕਾਂ ਵੱਲੋਂ ਆਪਣੇ ਪਲਾਟ, ਖੇਤ ਅਤੇ ਹੋਰ ਪਾਸੇ ਜਿਥੇ ਵੇਖਿਆ ਜਾਵੇ ਪਸ਼ੂਆਂ ਤੋਂ ਸੁਰੱਖਿਆ ਲਈ ਕੰਡਿਆਲੀ ਤਾਰ ਦੇ ਨਾਲ-ਨਾਲ ਕੋਬਰਾ ਤਾਰ ਦੀ ਵਰਤੋਂ ਕਰਨੀ ਸ਼ੁਰੂ ਕਰ ਦਿੱਤੀ ਹੈ, ਜੋ ਕਿ ਬਹੁਤ ਤੇਜਧਾਰ ਹੁੰਦੀ ਹੈ, ਜਿਸ ਨਾਲ ਕੁਦਰਤੀ ਜੀਵਾਂ ਅਤੇ ਇਨਸਾਨਾਂ ਨੂੰ ਜਾਨ ਦਾ ਖਤਰਾ ਹੁੰਦਾ ਹੈ।

# ਖੰਨਾ ਸ਼ਹਿਰ ਵਿੱਚ ਇੱਕਲੇ ਆਈ-ਪੀ-ਐਲ ਮੈਚਾਂ ਦੌਰਾਨ ਔਨ ਲਾਈਨ ਐਪਾਂ ਰਾਹੀ ਕਰੋੜਾਂ ਦਾ ਜੂਆ ਖੇਡਿਆ ਜਾਂਦਾ ਹੈ...?

## ਸੁਪਰੀਮ ਕੋਰਟ ਵੱਲੋਂ ਔਨ ਲਾਈਨ ਜੂਏ ਅਤੇ ਸੱਟੇਬਾਜੀ ਉਤੇ ਰੋਕ-

ਖੰਨਾ :( ਤੇਜਿੰਦਰ ਸਿੰਘ ਆਰਟਿਸਟ) ਮਾਣਯੋਗ ਸੁਪਰੀਮ ਕੋਰਟ ਵੱਲੋਂ ਔਨ ਲਾਈਨ ਚੱਲਣ ਵਾਲੀਆ ਜੂਏ ਅਤੇ ਸੱਟੇਬਾਜੀ ਦੀਆ ਐਪਾਂ ਉਤੇ ਰੋਕ ਲਗਾ ਦਿੱਤੀ ਗਈ ਹੈ।

ਇਸ ਸਬੰਧੀ ਪ੍ਰਸਿੱਧ ਸਮਾਜ ਸੇਵੀ ਹਰਪ੍ਰੀਤ ਆਲੂਵਾਲੀਆ ਦੁਆਰਾ ਇਕੱਠੇ ਕੀਤੇ ਅੰਕਿੜੀਆਂ ਤੇ ਉਹਨਾਂ ਦਾ ਕਹਿਣਾ ਕਿ ਇੱਕ ਆਮ ਅੰਦਾਜ਼ੇ ਅਨੁਸਾਰ ਇੱਕਲੇ ਆਈ-ਪੀ-ਐਲ ਮੈਚਾਂ ਦੌਰਾਨ ਹੀ ਕਥਿੱਤ ਤੌਰ ਤੇ ਖੰਨੇ ਵਿੱਚ ਏਨਾਂ ਔਨ ਲਾਈਨ ਐਪਾਂ ਰਾਹੀ ਕਰੋੜਾਂ ਦਾ ਜੂਆ ਖੇਡਿਆ ਜਾਂਦਾ ਹੈ ਏਨਾ ਔਨ ਲਾਈਨ ਐਪਾ ਰਾਹੀ ਆਯਕਰ ਵਿਭਾਗ ਨੂੰ ਵੀ ਵੱਡਾ ਆਰਥਿਕ ਚੂੰਨਾ ਲਗਾਇਆ ਜਾ ਰਿਹਾ ਹੈ ਕਿਉਂਕਿ ਏਨਾ ਔਨ ਲਾਈਨ ਐਪਾਂ ਜਰੀਏ ਹੋਣ ਵਾਲੇ ਲੈਣ-ਦੇਣ ਤੇ ਆਮਦਨ ਦੀ ਕੋਈ ਸਪਸ਼ਟਤਾ ਤੇ ਵਿਸ਼ਵਸ਼ਨੀਅਤਾ ਨਹੀ ਹੁੰਦੀ। ਹਰ ਛੋਟੇ ਤੇ ਵੱਡੇ ਸ਼ਹਿਰ ਵਾਂਗ ਖੰਨਾ ਸ਼ਹਿਰ ਵੀ ਏਸ ਮੱਕੜਜਾਲ ਤੋਂ ਅਛੂਤਾ ਨਹੀਂ ਹੈ ਹੁਣ ਦੇਖਣ ਯੋਗ ਗੱਲ ਏਹ ਹੈ ਕਿ ਸੁਪਰੀਮ ਕੋਰਟ ਦੇ ਸੁਪਰੀਮ ਆਦੇਸ਼ ਦੀ ਪੁਲਸ ਪ੍ਰਸ਼ਾਸਨ ਕਿਵੇਂ ਪਾਲਣਾ ਕਰਦਾ ਹੈ ਅਤੇ ਏਨਾ ਔਨ ਲਾਈਨ ਜੂਏ ਅਤੇ ਸੱਟੇਬਾਜੀ ਦੀਆ ਐਪਾਂ ਰਾਹੀ ਕਥਿੱਤ ਤੌਰ ਤੇ ਕਰੋੜਾ ਦੀ ਕਮਾਈ ਕਰਨ ਵਾਲੇ ਸੱਟੇਬਾਜਾਂ ਤੇ ਬੁੱਕੀਆ ਉਤੇ ਕੀ ਕਾਰਵਾਈ ਕਰਦਾ ਹੈ।

**ਔਨਲਾਈਨ ਗੇਮਿੰਗ ਬਿੱਲ** 2025: ਦੇਸ਼ ਦੇ 45 ਕਰੋੜ ਤੋਂ ਵੱਧ ਲੋਕਾਂ ਨੂੰ ਔਨਲਾਈਨ ਗੇਮਿੰਗ ਦੇ ਚੁੰਗਲ ਤੋਂ ਮੁਕਤ ਕਰਨ ਲਈ, ਔਨਲਾਈਨ ਗੇਮਿੰਗ ਦਾ ਪ੍ਰਚਾਰ ਅਤੇ ਨਿਯਮਨ ਬਿੱਲ 2025 ਬੁੱਧਵਾਰ ਨੂੰ ਲੋਕ ਸਭਾ ਵਿੱਚ ਪੇਸ਼ ਕੀਤਾ ਗਿਆ ਅਤੇ ਪਾਸ ਹੋ ਗਿਆ। ਇੱਕ ਵਾਰ ਜਦੋਂ ਬਿੱਲ ਕਾਨੂੰਨ ਬਣ ਜਾਂਦਾ ਹੈ, ਤਾਂ ਪੈਸੇ ਨਾਲ ਸਬੰਧਤ ਸਾਰੀਆਂ ਔਨਲਾਈਨ ਗੇਮਿੰਗਾਂ 'ਤੇ ਪਾਬੰਦੀ ਲਗਾਈ ਜਾਵੇਗੀ। ਔਨਲਾਈਨ ਗੇਮਿੰਗ ਵਿੱਚ ਸ਼ਾਮਲ ਲੋਕ ਸਾਲਾਨਾ 20,000 ਕਰੋੜ ਰੁਪਏ ਦਾ ਨੁਕਸਾਨ ਕਰਦੇ ਹਨ, ਜਿਸ ਕਾਰਨ ਉਨ੍ਹਾਂ ਦੇ ਘਰ ਤਬਾਹ ਹੋ ਰਹੇ ਹਨ, ਉਹ ਖੁਦਕੁਸ਼ੀ ਕਰ ਰਹੇ ਹਨ ਅਤੇ ਉਨ੍ਹਾਂ ਦੇ ਬੈਂਕ ਖਾਤੇ ਖਾਲੀ ਹੋ ਰਹੇ ਹਨ। ਪਰ ਸਰਕਾਰ ਬਿਨਾਂ ਪੈਸੇ ਦੇ ਖੇਡੀਆਂ ਜਾਣ ਵਾਲੀਆਂ ਈ-ਸਪੋਰਟਸ ਅਤੇ ਸੋਸ਼ਲ ਗੇਮਾਂ ਨੂੰ ਉਤਸ਼ਾਹਿਤ ਕਰੇਗੀ। ਆਮ ਲੋਕਾਂ ਵੱਲੋਂ ਏਸ ਫੈਸਲੇ ਦਾ ਖੁਲਕੇ ਸਵਾਗਤ ਤੇ ਹਮਾਇਤ ਕੀਤੀ ਜਾ ਰਹੀ ਹੈ ਕਿਉਂਕਿ ਔਨ ਲਾਈਨ ਦੇ ਚੱਕਰ ਵਿੱਚ ਹਜਾਰਾ ਲੱਖਾਂ ਲੋਕ ਹੀ ਆਪਣੀ ਸਾਰੀ ਪੂੰਜੀ ਗਵਾ ਚੁੱਕੇ ਹਨ।

ਮਾਣਯੋਗ ਸੁਪਰੀਮ ਕੋਰਟ ਦੇ ਏਸ ਫੈਸਲੇ ਤੋਂ ਬਾਅਦ ਏਨਾਂ ਖੇਡਾਂ ਦੀਆਂ ਐਪਾਂ ਰਾਹੀ ਜਿਹੜੇ ਸੱਟੇਬਾਜ ਤੇ ਬੁੱਕੀ ਆਪਣੀਆ ਸੱਟੇਬਾਜੀ ਦੀਆ ਐਪਾਂ ਬਣਾਕੇ ਆਮ ਤੇ ਭੋਲੇ-ਭਾਲੇ ਲੋਕਾਂ ਨੂੰ ਲਾਲਚ ਦੇਕੇ ਆਪਣੇ ਜਾਲ ਵਿੱਚ ਫਸਾਉਂਦੇ ਸਨ ਉਨਾਂ ਸਾਰੇ ਬੁੱਕੀਆਂ ਤੇ ਸੱਟੇਬਾਜਾਂ ਦੇ ਗੋਰਖ ਧੰਦੇ ਹੁਣ ਖਤਮ ਹੋ ਸਕਦੇ ਹਨ ਕਿਉਂਕਿ ਸੁਪਰੀਮ ਕੋਰਟ ਦੇ ਏਸ ਫੈਸਲੇ ਵਿੱਚ ਫੜੇ ਜਾਣ ਉਤੇ ਭਾਰੀ ਜੁਰਮਾਨਾ ਅਤੇ ਸਜਾ ਦਾ ਵੀ ਪ੍ਰਵਧਾਨ ਹੈ ਜਦੋਂ ਦੀਆ ਏਹ ਔਨ ਲਾਈਨ ਜੂਏ ਅਤੇ ਸੱਟੇਬਾਜੀ ਦੀਆ ਐਪਾ ਚਲੀਆ ਹਨ ਤਦੋਂ ਤੋਂ ਹੀ ਏਹ ਬੁੱਕੀਆ ਅਤੇ ਸੱਟੇਬਾਜਾ ਦੀ ਕਮਾਈ ਦਾ ਮੁੱਖ ਜਰੀਆ ਬਣੀਆ ਹੋਈਆ ਹਨ।

# ਖੰਨਾ ਸ਼ਹਿਰ ਚ ਹਰ ਪਾਸੇ ਗਣਪਤੀ ਮਹਾਂ ਉਤਸਵ-ਦੀਆਂ ਧੂੰਮਾਂ ਭਜਨਾਂ ਨਾਲ ਗੂੰਜ ਉੱਠਿਆ

ਖੰਨਾ :ਤੇਜਿੰਦਰ ਸਿੰਘ ਆਰਟਿਸਟ -

ਅੰਤਰਰਾਸ਼ਟਰੀ ਗਾਇਕ ਪੱਪੂ ਪਟਾਕਾ ਨੇ ਆਪਣੇ ਭਜਨਾਂ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ, ਅਕਾਲੀ ਦਲ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਜਾਦੂ ਮੁੱਖ ਮਹਿਮਾਨ ਸਨ, ਸ਼ਰਧਾਲੂ ਗਣਪਤੀ ਦੀ ਭਗਤੀ ਵਿੱਚ ਡੁੱਬ ਗਏ- ਅਟੁਟ ਲੰਗਰ ਵਰਤਾਇਆ ਗਿਆ ਖੰਨਾ ਸ਼ਹਿਰ ਵਿੱਚ ਚੱਲ ਰਹੇ ਗਣਪਤੀ ਮਹਾਂ ਉਤਸਵ ਦਾ ਤੀਜਾ ਦਿਨ ਸ਼ਰਧਾ ਅਤੇ ਉਤਸ਼ਾਹ ਨਾਲ ਭਰਿਆ ਰਿਹਾ। ਗਾਇਕ ਪੱਪੂ ਪਟਾਕਾ ਨੇ ਆਪਣੇ ਸੁਰੀਲੇ ਭਜਨਾਂ ਨਾਲ ਸ਼ਰਧਾਲੂਆਂ ਨੂੰ ਮੰਤਰਮੁਗਧ ਕੀਤਾ। ਸ਼੍ਰੋਮਣੀ ਅਕਾਲੀ ਦਲ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਜਾਦੂ ਮੁੱਖ ਮਹਿਮਾਨ ਵਜੋਂ ਸਮਾਗਮ ਵਿੱਚ ਸ਼ਾਮਲ ਹੋਏ। ਗਣਪਤੀ ਬੱਪਾ ਦੇ ਰੰਗਾਂ ਵਿੱਚ ਭਿੱਜੇ ਸ਼ਰਧਾਲੂ ਲੰਬੇ ਸਮੇਂ ਤੱਕ ਨੱਚਦੇ ਅਤੇ ਝੂਮਦੇ ਰਹੇ। ਗਾਇਕ ਪੱਪੂ ਪਟਾਕਾ ਅਤੇ ਮੁੱਖ ਮਹਿਮਾਨ ਯਾਦਵਿੰਦਰ ਸਿੰਘ ਜਾਦੂ ਨੂੰ ਸਟੇਜ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਗਣਪਤੀ ਸੇਵਾ ਸੰਘ ਦੇ ਸੰਸਥਾਪਕ ਰਾਜਕੁਮਾਰ ਮਨਰੋ ਅਤੇ ਪ੍ਰਧਾਨ ਸ਼ਮਸ਼ੇਰ ਸ਼ਰਮਾ ਨੇ ਮਹਿਮਾਨਾਂ ਸਮੇਤ ਸਾਰੇ







ਮਹਿਮਾਨਾਂ ਦਾ ਸਨਮਾਨ ਕੀਤਾ। ਭਗਵਾਨ ਗਣਪਤੀ ਦੀ ਜਲੂਸ ਅਤੇ ਸਜਾਵਟ ਦੇਖਣ ਯੋਗ ਸੀ। ਪੂਰਾ ਪੰਡਾਲ ਸ਼ਰਧਾ ਦੀ ਭਾਵਨਾ ਨਾਲ ਭਰਿਆ ਹੋਇਆ ਸੀ। ਇਕੱਠ ਤੋਂ ਬਾਅਦ, ਸ਼ਰਧਾਲੂਆਂ ਲਈ ਅਟੁੱਟ ਲੰਗਰ ਦਾ ਪ੍ਰਬੰਧ ਕੀਤਾ ਗਿਆ।

# ਚੇਅਰਮੈਨ ਰਾਜੀਵ ਸ਼ਰਮਾ ਵੱਲੋ ਹੜ੍ਹ ਪ੍ਰਭਾਵਿਤ ਹਲਕਾ ਫਹਿਤਗੜ੍ਹ ਚੂੜੀਆਂ ਦੇ ਪਿੰਡ ਦਾ ਦੌਰਾ

## ਸੰਕਟ ਦੀ ਇਸ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਨਾਲ ਖੜੀ - ਦਲਜੀਤ ਸਿੰਘ ਲੱਕੀ

ਗੁਰਦਾਸਪੁਰ ( ਜਸਵਿੰਦਰ ਸਿੰਘ ) - ਚੇਅਰਮੈਨ ਰਾਜੀਵ ਸ਼ਰਮਾ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਵੱਲੋਂ ਅੱਜ ਹੜ੍ਹ ਪ੍ਰਭਾਵਿਤ ਹਲਕਾ ਫਹਿਤਗੜ?ਵ ਚੂੜੀਆਂ ਦੇ ਪਿੰਡ ਦਾ ਦੌਰਾ ਕੀਤਾ ਗਿਆ ਇਸ ਮੌਕੇ ਉਨ੍ਹਾਂ ਨੇ ਹੜ੍ਹ ਕਾਰਨ ਇਨ੍ਹਾਂ ਪਿੰਡਾਂ ਵਿੱਚ ਲੋਕਾਂ ਦੇ ਮਕਾਨਾਂ ਤੇ ਹੋਰ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਹੜ੍ਹ ਪ ੀ ੜ੍ ਤ ਵਿਅਕਤੀਆਂ ਨਾਲ ਗੱਲ ਕਰਦਿਆਂ ਚੇਅਰਮੈਨ ਨੇ ਕਿਹਾ ਕਿ ਇਸ ਸੰਕਟ ਦੀ ਘੜ੍ਹੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਸੂਬਾ ਸਰਕਾਰ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਕਰੇਗੀ ਤੇ ਉਹਨਾ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੱਕ ਪਹੁੰਚ ਕਰਕੇ ਜਿਨ੍ਹਾਂ ਲੋਕਾਂ ਦਾ ਨੁਕਸਾਨ ਹੋਇਆ ਹੈ ਉਸਦਾ ਮੁਆਵਜ਼ਾ ਦਿਵਾਉਣ ਦੀ ਚਾਰਾਜੋਈ ਕਰਨਗੇ ਇਸ ਮੌਕੇ ਉਨ੍ਹਾਂ ਨਾਲ ਦਲਜੀਤ ਸਿੰਘ ਲੱਕੀ ਜ਼ਿਲ੍ਹਾ ਯੋਜਨਾ ਬੋਰਡ ਮੈਂਬਰ ਤੋਂ ਇਲਾਵਾ ਇਲਾਕੇ ਦੇ ਹੋਰ ਵੀ ਮੁਹਤਬਰ ਹਾਜ਼ਰ ਸਨ



# ਪੀ ਐਮ ਸ੍ਰੀ ਨਵੋਦਿਆ ਵਿਦਿਆਲਿਆ ਦਬੂੜੀ ਦੀ ਵਾਲੀਵਾਲ ਟੀਮ ਦੇ ਬੱਚੇ ਹਮੀਰਪੁਰ ਹਿਮਾਚਲ ਪ੍ਰਦੇਸ਼ ਤੋਂ ਸੁਰੱਖਿਅਤ ਪਰਤੇ

(ਲੋਕ ਬਾਣੀ) -ਪੀ ਐਮ ਸ੍ਰੀ ਨਵੋਦਿਆ ਵਿਦਿਆਲਿਆ ਦਬੂੜੀ ਦੀ ਵਾਲੀਵਾਲ ਟੀਮ ਦੇ ਬੱਚੇ ਹਮੀਰਪੁਰ ਹਿਮਾਚਲ ਪ੍ਰਦੇਸ਼ ਤੋਂ ਸੁਰੱਖਿਅਤ ਪਰਤੇ ਨੈਸ਼ਨਲ ਪੱਧਰ ਤੇ ਮੈਡਲ ਜੇਤੂ ਖਿਡਾਰੀਆਂ ਅਤੇ ਸਕੂਲ ਅਧਿਆਪਕਾ ਦਾ ਮਾਪਿਆਂ ਨੇ ਕੀਤਾ ਸਵਾਗਤ ਗੁਰਦਾਸਪੁਰ - ਨਵਨੀਤ ਕੁਮਾਰ- ਨ ਵ ੋ ਦਿ ਆ ਵਿਦਿਆਲਿਆ ਸਕੂਲ ਨੈਸ਼ਨਲ ਪੱਧਰ ਦੀਆਂ ਖੇਡਾਂ ਲਈ ਰਾਜਕੋਟ ਗੁਜਰਾਤ ਗਏ ਨਵੋਦਿਆ ਵਿਦਿਆਲਿਆ ਦਬੂੜੀ ਦੇ ਅੰਡਰ 14 ਸਾਲ ਲੜਕੇ ਗਰੁੱਪ ਵਿਚ ਏਕਮਦੀਪ ਸਿੰਘ ਪੁੱਤਰ ਪਰਮਕੁਲਜੀਤ ਸਿੰਘ ਜੀਵਨ ਵਾਲ ਅਤੇ ਗੁਰਜਸਨਪਰੀਤ ਕੌਰ ਬਟਾਲਾ ਕੁਮਾਰੀ ਗੁਤਿਕਾ ਫਜੂਪੁਰ ਧਾਰੀਵਾਲ ਅੰਡਰ 14 ਸਾਲ ਲੜਕੀਆਂ ਅਤੇ ਦੀਨਾਨਗਰ ਦੀ ਪ੍ਰਿਆ ਅੰਡਰ 19 ਸਾਲ ਵਾਲੀਵਾਲ ਟੀਮ ਦੇ ਖਿਡਾਰੀ ਪਿਛਲੇ ਕਈ ਦਿਨਾਂ ਤੋਂ ਹਮੀਰਪੁਰ ਹਿਮਾਚਲ ਪ੍ਰਦੇਸ਼ ਵਿਖੇ ਫ਼ਸੇ ਹੋਏ ਸਨ। ਜਿਸ ਨੂੰ ਲੈ ਕੇ ਮਾਪਿਆਂ ਵਿੱਚ ਬਹੁਤ ਸਹਿਮ ਪਾਇਆ ਜਾ ਰਿਹਾ ਸੀ। ਅੱਜ ਸਕੂਲ ਦੀ ਸਰੀਰਕ ਸਿੱਖਿਆ ਅਧਿਆਪਕਾ ਮੈਡਮ ਸਰਿਤਾ ਸਿਨਹਾ ਦੇ ਅਣਥੱਕ ਯਤਨਾਂ ਸਦਕਾ ਖਿਡਾਰੀ ਸੁਰਖਿਅਤ ਮਾਪਿਆਂ ਦੇ ਹਵਾਲੇ ਕਰ ਦਿੱਤੇ ਹਨ। ਇਹ ਵਰਨਣਯੋਗ ਹੈ ਕਿ 3 ਅਗਸਤ ਤੋਂ ਹਮੀਰਪੁਰ ਹਿਮਾਚਲ ਪ੍ਰਦੇਸ਼ ਵਾਲੀਵਾਲ ਟੂਰਨਾਮੈਂਟ ਖੇਡਣ ਗਏ ਇਹਨਾਂ ਬੱਚਿਆਂ ਦੀ ਸਿਲੈਕਸਨ ਦੀ ਚੰਡੀਗੜ੍ਹ ਖੇਤਰ ਵਲੋਂ ਨਵੋਦਿਆ ਵਿਦਿਆਲਿਆ ਸਕੂਲ ਨੈਸ਼ਨਲ ਰਾਜਕੋਟ ਗੁਜਰਾਤ ਲਈ ਹੋਈ ਸੀ। ਅਤੇ ਇਹਨਾਂ ਬੱਚਿਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨੈਸ਼ਨਲ ਪੱਧਰ ਤੇ ਗੋਲਡ ਮੈਡਲ ਜਿੱਤ ਕੇ ਗੁਰਦਾਸਪੁਰ ਦਾ ਨਾਮ ਰੋਸ਼ਨ ਕੀਤਾ ਹੈ। ਬਾਰਸ਼ ਅਤੇ ਪਹਾੜੀ ਖੇਤਰਾਂ ਵਿੱਚ ਪ੍ਰਾਕਿਰਤਕ ਆਪਦਾ ਕਾਰਨ ਰਸਤੇ ਬੰਦ ਸਨ। ਜਿਸ ਕਰਕੇ ਇਹ ਬੱਚੇ ਉਥੇ ਫ਼ਸੇ ਹੋਏ ਸਨ। ਮਾਪਿਆਂ ਵੱਲੋਂ ਸਕੂਲ ਪ੍ਰਸ਼ਾਸਨ ਦਾ ਧੰਨਵਾਦ ਕਰਦਿਆਂ ਕਿਹਾ ਆਸ ਪ੍ਰਗਟ ਕੀਤੀ ਹੈ ਕਿ ਸਕੂਲ ਅਧਿਆਪਕਾ ਮੈਡਮ ਸਰਿਤਾ ਸਿਨਹਾ ਦੀ ਮਿਹਨਤ ਸਦਕਾ ਆਉਣ ਵਾਲੇ ਨੈਸ਼ਨਲ ਪੱਧਰ ਦੇ ਮੁਕਾਬਲਿਆਂ ਵਿੱਚ ਮੈਡਲ ਜਿੱਤ ਕੇ ਦੇਸ਼ ਦਾ ਨਾਮ ਰੌਸ਼ਨ ਕਰਨਗੇ।



# ਵਿਧਾਇਕ ਸ਼ੈਰੀ ਕਲਸੀ ਤੇ ਗੁਰਦੀਪ ਰੰਧਾਵਾ ਨੇ ਗੁਰਦੁਆਰਾ ਡੇਹਰਾ ਸਾਹਿਬ ਨਗਰ ਕੀਰਤਨ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਲਈ ਕੀਤੀ ਅਰਦਾਸ

## ਸਮੂਹ ਦੇਸ਼-ਵਿਦੇਸ਼ ਵਿਚੋਂ ਪਹੁੰਚੀਆਂ ਸੰਗਤਾਂ ਨੂੰ ਬਾਬਾ ਜੀ ਦੇ ਵਿਆਹ ਪੁਰਬ ਦੀ ਮੁਬਾਰਕਬਾਦ ਦਿੱਤੀ - ਚੇਅਰਮੈਨ ਜੋਬਨ ਰੰਧਾਵਾ ਅਤੇ ਚੇਅਰਮੈਨ ਰਾਜੀਵ ਸ਼ਰਮਾ

ਬਟਾਲਾ ( ਜਸਵਿੰਦਰ ਸਿੰਘ ) ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਵਿਆਹ ਪੁਰਬ ਮੌਕੇ ਗੁਰਦੁਆਰਾ ਡੇਹਰਾ ਸਾਹਿਬ ਤੋਂ ਸਜਾਏ ਨਗਰ ਕੀਰਤਨ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਫਤਿਹਗੜ੍ਹ ਚੂੜੀਆਂ ਹਲਕੇ ਦੇ ਇੰਚਾਰਜ ਬਲਬੀਰ ਸਿੰਘ ਪਨੂੰ ਅਤੇ ਜੋਬਨ ਰੰਧਾਵਾ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਤੇ ਜਿਲ੍ਹਾ ਪ੍ਰਧਾਨ ਆਪ ਪਾਰਟੀ ਨੇ ਹਾਜਰੀ ਭਰੀ ਤੇ ਨਤਮਸਤਕ ਹੋ ਕੇ ਗੁਰੂ ਜੀ ਦਾ ਆਸ਼ੀਰਵਾਦ ਲਿਆ ਵਿਧਾਇਕ ਸ਼ੈਰੀ ਕਲਸੀ ਨੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਤੋਂ ਸਜਾਏ ਨਗਰ ਕੀਰਤਨ ਵਿੱਚ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਉਨਾਂ ਕਿਹਾ ਕਿ ਵੱਡੀ ਤਦਾਦ ਵਿੱਚ ਸ਼ਰਧਾਲੂ, ਗੁਰਦੁਆਰਾ ਸ੍ਰੀ ਕੰਧ ਸਾਹਿਬ ਤੇ ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਦੇ ਦਰਸ਼ਨ ਕਰ ਰਹੇ ਹਨ ਅਤੇ ਨਗਰ ਕੀਰਤਨ ਵਿੱਚ ਹਜਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਤਮਸਤਕ ਹੋ ਰਹੀਆਂ ਹਨ ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਵਲੋਂ ਲੰਗਰ ਦੀ ਸੇਵਾ ਕੀਤੀ ਗਈ ਤੇ ਸਮੂਹ ਦੇਸ਼ ਵਿਦੇਸ਼ ਵਿਚੋਂ ਪਹੁੰਚੀਆਂ ਸੰਗਤਾਂ ਨੂੰ ਪਾਵਨ ਦਿਹਾੜੇ ਦੀ ਮੁਬਾਰਕਬਾਦ ਦਿੱਤੀ ਉਨਾਂ ਅੱਗੇ ਕਿਹਾ ਕਿ ਸ਼ਹਿਰ ਅੰਦਰ ਵੱਖ-ਵੱਖ ਥਾਵਾਂ ਤੇ ਸੰਗਤਾਂ ਲਈ ਲੰਗਰ ਚੱਲ ਰਹੇ ਹਨ ਅਤੇ ਸੰਗਤਾਂ ਦੀ ਸਹੂਲਤ ਲਈ ਸਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ



# ਖੰਨਾ ਤੋ ਫਿਰੋਜ਼ਪੁਰ ਇਲਾਕੇ ਵਿੱਚ ਹੜ ਪੀੜਤਾਂ ਲਈ ਸਾਰੇ ਸਮਾਜਸੇਵੀਆਂ ਵਲੋ ਟਰੱਕ ਭੇਜਿਆ ਗਿਆ

ਖੰਨਾ ( ਤੇਜਿੰਦਰ ਸਿੰਘ ਆਰਟਿਸਟ) ਅੱਜ ਖੰਨਾ ਤੋ ਫਿਰੋਜ਼ਪੁਰ ਇਲਾਕੇ ਇਲਾਕੇ ਲਈ ਹੜ ਪੀੜਾ ਵਾਸਤੇ ਸ਼ਹਿਰ ਦੀਆਂ ਸਮਾਜ ਸੇਵੀ ਸੰਸਥਾਵਾਂ ਵੱਲੋਂ ਟਰੱਕ ਭੇਜਿਆ ਗਿਆ। ਜਿਸ ਵਿਚ ਪਾਣੀ ਦੀਆ ਬੋਤਲਾਂ, ਰੱਸ, ਬਿਸਕੁਟ, ਚੀਨੀ, ਚਾਹ ਪੱਤੀ, ਆਟਾ ਵਗੈਰਾ ਅਤੇ ਹੋਰ ਸਮਾਨ ਭੇਜਿਆ ਜਾ ਰਿਹਾ ਹੈ। ਇਸਦੇ ਨਾਲ ਹੀ ਹੜ ਇਲਾਕਿਆ ਵਿਚ ਪਾਣੀ ਖੜਾ ਹੋਣ ਕਰਕੇ ਬੰਦ ਬਿਜਲੀ ਸਪਲਾਈ ਨਾਂ ਹੋਣ ਕਾਰਨ ਲੋਕਾ ਨੂੰ ਰੌਸ਼ਨੀ ਦੇਣ ਲਈ 3000 ਮੋਮਬਤੀਆਂ ਦਾ ਟਾਰਗੇਟ ਹੈ ਜੀ। ਜੋ ਵੀਰ ਭੈਣ ਸੇਵਾ ਕਰਨੀ ਚਾਹੇ ਤਾਂ ਮਹਾਰਾਜਾ ਹੋਟਲ ਨੇੜੇ ਅੰਬਿਕਾ ਮੈਡੀਕੋਜ਼ ਅਤੇ ਜੈਨ ਸਵੀਟ ਲਾਗੇ ਪਹੁੰਚਾ ਸਕਦਾ ਹੈ ਜੀ। ਪੈਸੇ ਦੀ ਮੰਗ ਕਿਸੇ ਕੋਲੋ ਨਹੀਂ ਕੀਤੀ ਜਾ ਰਹੀ। ਜੋ ਸਮਾਨ ਭੇਜਣਾ ਚਾਹੇ ਤਾਂ ਉਪਰੋਕਤ ਪਤੇ ਤੇ ਭੇਜ ਸਕਦਾ ਹੈ। ਇਹ ਖਾਸ ਤੌਰ ਤੇ ਬੇਨਤੀ ਸਮਾਜ ਸੇਵੀ ਪਰਮ ਵਾਲੀਆ ਅਤੇ ਸਮੂਹ ਸਮਾਜਿਕ ਸੰਸਥਾਵਾਂ ਖੰਨਾ ਸ਼ਹਿਰਵਾਸੀਆਂ, ਸਮਾਜਿਕ, ਧਾਰਮਿਕ ਅਤੇ ਵਪਾਰਕ ਸੰਸਥਾਵਾ ਦੀ ਇਕਜੁੱਟਤਾ ਸਦਕਾ ਹੜ ਪੀੜਿਤਾਂ ਦੀ ਸੇਵਾ ਲਈ ਟਰੱਕ ਰਵਾਨਾ ਹੋਇਆ। ਉਹਨਾਂ ਧੰਨਵਾਦ ਨਿਰਮਲ ਨਿੰਮਾ, ਚੰਦਨ ਨੇਗੀ , ਮੁਕੇਸ਼ ਸਿੰਘੀਂ, ਜਤਿੰਦਰ ਮਹਿਮੀ , ਸੰਦੀਪ ਸਿੰਘ , ਹੰਸ ਰਾਜ ਬਿਰਾਨੀ , ਪੱਤਰਕਾਰ ਕਮਲਜੀਤ ਕਮਲ , ਪੱਤਰਕਾਰ ਓਮਕਾਰ ਸੱਤੂ , ਪੱਤਰਕਾਰ ਲੱਕੀ , ਪੱਤਰਕਾਰ ਸ਼ੁਭਮ ਜੈਸਵਾਲ , ਸਮੂਹ ਧਾਰਮਿਕ, ਵਪਾਰਕ ਅਤੇ ਸਮਾਜਿਕ ਸੰਸਥਾਵਾ ਦੇ ਆਗੂ ਜਿੰਨਾ ਨੇ ਗੁਪਤ ਸੇਵਾ ਪਾਈ।



# ਜਿਲ੍ਹਾ ਪ੍ਰਧਾਨ ਜੋਬਨ ਰੰਧਾਵਾ ਵੱਲੋ ਹੜ੍ਹ ਪ੍ਰਭਾਵਿਤ ਗੁਰਦਾਸਪੁਰ ਦੇ ਹਲਕੇ ਦੇ ਵੱਖ-ਵੱਖ ਪਿੰਡ ਦਾ ਦੌਰਾ

## ਸੰਕਟ ਦੀ ਇਸ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਨਾਲ ਖੜੀ - ਚੇਅਰਮੈਨ ਜੋਬਨ ਰੰਧਾਵਾ ਜ਼ਿਲ੍ਹਾ ਯੋਜਨਾ ਬੋਰਡ ਗੁਰਦਾਸਪੁਰ

ਗੁਰਦਾਸਪੁਰ ( ਜਸਵਿੰਦਰ ਸਿੰਘ ) – ਚੇਅਰਮੈਨ ਜੋਬਨ ਰੰਧਾਵਾ ਜ਼ਿਲ੍ਹਾ ਯੋਜਨਾ ਬੋਰਡ ਅਤੇ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਵੱਲੋਂ ਅੱਜ ਹੜ੍ਹ ਪ੍ਰਭਾਵਿਤ ਹਲਕੇ ਦੇ ਵੱਖ–ਵੱਖ ਪਿੰਡ ਦਾ ਦੌਰਾ ਕੀਤਾ ਗਿਆ ਇਸ ਮੌਕੇ ਉਨ੍ਹਾਂ ਨੇ ਹੜ੍ਹ ਕਾਰਨ ਇਨ੍ਹਾਂ ਪਿੰਡਾਂ ਵਿੱਚ ਲੋਕਾਂ ਦੇ ਮਕਾਨਾਂ ਤੇ ਹੋਰ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਹੜ੍ਹ ਪੀੜ੍ਹਤ ਵਿਅਕਤੀਆਂ ਨਾਲ ਗੱਲ ਕਰਦਿਆਂ ਚੇਅਰਮੈਨ ਨੇ ਕਿਹਾ ਕਿ ਇਸ ਸੰਕਟ ਦੀ ਘੜ੍ਹੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ।



ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਸੂਬਾ ਸਰਕਾਰ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਕਰੇਗੀ ਤੇ ਉਹਨਾ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੱਕ ਪਹੁੰਚ ਕਰਕੇ ਜਿਨ੍ਹਾਂ ਲੋਕਾਂ ਦਾ ਨੁਕਸਾਨ ਹੋਇਆ ਹੈ ਉਸਦਾ ਮੁਆਵਜ਼ਾ ਦਿਵਾਉਣ ਦੀ ਚਾਰਾਜੋਈ ਕਰਨਗੇ

# ਸੇਮ ਨਾਲੇ 'ਚ ਪਾੜ ਪੈਣ ਨਾਲ ਹਜ਼ਾਰਾਂ ਏਕੜ .ਫਸਲ ਤਬਾਹ

ਫਾਜ਼ਿਲਕਾ, (ਪ੍ਰਵੀਨ ਕੁਮਾਰ) –ਪੰਜਾਬ 'ਚ ਹੜ੍ਹਾਂ ਦੀ ਮਾਰ ਨੇ ਭਾਰੀ ਤਬਾਹੀ ਮਚਾਈ ਹੋਈ ਹੈ ਜਿਸ ਦੇ ਚਲਦਿਆਂ ਲੋਕਾਂ ਦੇ ਸਾਂਹ ਸੂਕੇ ਹੋਏ ਹਨ। ਇਸੇ ਤਰ੍ਹਾਂ ਫਜ਼ਿਲਕਾ ਦੇ ਨੇੜੇ ਪੇਂਦੇ ਪਿੰਡ ਸਾਬੂਆਣਾ ਦੇ ਸੇਮ ਨਾਲੇ ਵਿੱਚ ਪਾਣੀ ਦਾ ਪੱਧਰ ਵੱਧਣ ਨਾਲ ਦੂਜੀ ਵਾਰ ਪਾੜ ਪੈਣ ਨਾਲ ਲਗਭਗ 1000 ਏਕੜ ਫ਼ਸਲ ਤਬਾਹ ਹੋ ਚੁੱਕੀ ਹੈ ਜਿਸ ਨਾਲ ਕਿਸਾਨਾਂ ਦਾ ਬਹੁਤ ਭਾਰੀ ਨੁਕਸਾਨ ਹੋ ਚੁੱਕਾ ਹੈ। ਇਸ ਪਾੜ ਨਾਲ ਪਿੰਡ ਸਾਬੂਆਣਾ, ਓਡੀਆਂ ਅਤੇ ਹੋਰ ਨੇੜੇ ਲਗਦੇ ਪਿੰਡਾਂ ਦੇ ਖੇਤਾਂ 'ਚ 2 ਤੋਂ 5 ਫੁੱਟ ਤੱਕ ਪਾਣੀ ਭਰ ਗਿਆ ਹੈ। ਇਸ ਸਬੰਧੀ ਕਿਸਾਨ ਜਰਨੈਲ ਸਿੰਘ, ਗੁਰਪ੍ਰੀਤ ਸਿੰਘ ਅਤੇ ਹੋਰ ਆਗੂਆਂ ਨੇ ਦੱਸਿਆ ਹੈ ਕਿ "ਅਸੀ ਪਿਛਲੇ 15 ਦਿਨਾਂ ਤੋਂ ਇਸ ਮੁਸ਼ਕਿਲ ਦਾ ਸਾਹਮਣਾ ਕਰ ਰਹੇ ਹਾਂ ਪਰ ਸਾਡੀ ਕਿਸੇ ਨੇ ਵੀ ਸਾਰ ਨਹੀ ਲਈ ਅਤੇ ਪ੍ਰਸ਼ਾਸ਼ਣ ਵੀ ਅੱਗੇ ਨਹੀਂ ਆਇਆ।



ਮਸ਼ੀਨਾਂ ਦੀ ਘਾਟ ਹੋਣ ਕਰਕੇ ਸਾਨੂੰ ਇਹ ਦਿੱਕਤ ਵਾਰ–ਵਾਰ ਆ ਰਹੀ ਹੈ। ਨਾ ਤਾਂ ਸਾਡੇ ਕੋਲ ਕੋਈ ਫੰਡ ਹੈ ਤੇ ਨਾ ਹੀ ਕੋਈ ਲੈਬਰ ਹੈ ਜਿਸ ਦੀ ਅਸੀ ਵਰਤੋਂ ਕਰ ਸਕੀਏ। ਅਸੀ ਆਪ ਹੀ ਇਸ ਮੁਸ਼ਕਿਲ ਦਾ ਸਾਹਮਣਾ ਕਰ ਰਹੇ ਹਾਂ।"ਉਹਨਾਂ ਪ੍ਰਸ਼ਾਸ਼ਣ



ਅਤੇ ਸਰਕਾਰਾਂ ਤੇ ਦੋਸ਼ ਲਗਾਉਂਦਿਆ "ਕਿਹਾ ਕਿ ਪਿਛਲੇ ਲੰਬੇ ਸਮੇ ਤੋਂ ਇਸ ਸੇਮ ਨਾਲ਼ੇ ਦੀ ਪੁਟਾਈ ਅਤੇ ਸਫ਼ਾਈ ਨਹੀ ਹੋਈ ਨਾ ਹੀ ਪਾਸਿਆਂ ਤੋਂ ਬੰਨ ਉੱਚੇ ਤੇ ਮਜਬੂਤ ਕੀਤੇ ਗਏ ਜਿਸ ਦਾ ਨਤੀਜੇ ਵਜੋਂ ਇਹ ਨੁਕਸਾਨ ਹੋ ਰਿਹਾ ਹੈ।"

# ਹਰੀਕੇ ਹੈਡ ਵਰਕਰਸ ਤੋਂ ਪਾਣੀ ਦੀ ਨਿਕਾਸੀ ਵਿੱਚ 19 ਹਜਾਰ ਕਿਊਸਿਕ ਦੀ ਕਮੀ ਆਈ -ਗੁਰਮੀਤ ਸਿੰਘ ਖੁੱਡੀਆਂ

## ਖੇਤੀਬਾੜੀ ਮੰਤਰੀ ਵੱਲੋਂ ਸਰਹੱਦੀ ਪਿੰਡਾਂ ਵਿੱਚ ਹੜ ਪ੍ਰਬੰਧਾਂ ਦੇ ਜਾਇਜੇ ਲਈ ਦੌਰਾ

ਫਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)– ਪੰਜਾਬ ਦੇ ਖੇਤੀਬਾੜੀ ਮੰਤਰੀ ਸ ਗੁਰਮੀਤ ਸਿੰਘ ਖੁਡੀਆਂ ਨੇ ਅੱਜ ਫਾਜ਼ਿਲਕਾ ਦੇ ਸਰਹੱਦੀ ਪਿੰਡਾਂ ਦਾ ਦੌਰਾ ਕੀਤਾ। ਇਸ ਦੌਰਾਨ ਘੁਰਕਾ ਵਿਖੇ ਉਹ ਟਰੈਕਟਰ ਟਰਾਲੀ ਤੇ ਸਵਾਰ ਹੋ ਕੇ ਅਗਲੇਰੇ ਘਰਾਂ ਤੱਕ ਪਹੁੰਚੇ ਅਤੇ ਲੋਕਾਂ ਦਾ ਹਾਲ ਜਾਣਿਆ। ਉਹਨਾਂ ਨੇ ਇਸ ਮੌਕੇ ਆਖਿਆ ਕੇ ਹਰੀਕੇ ਹੈਡਵਰਕਸ ਤੋਂ ਪਾਣੀ ਦੀ ਨਿਕਾਸੀ ਵਿੱਚ ਕਮੀ ਆਈ ਹੈ ਅਤੇ ਅੱਜ ਉਥੋਂ ਦੋ ਲੱਖ 44 ਹਜਾਰ ਕਿਊਸਿਕ ਪਾਣੀ ਦੀ ਨਿਕਾਸੀ ਹੋ ਰਹੀ ਹੈ। ਉਹਨਾਂ ਨੇ ਆਖਿਆ ਕਿ ਮੁੱਖ ਮੰਤਰੀ ਸਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹੜ ਪ੍ਰਭਾਵਿਤ ਇਲਾਕਿਆਂ ਵਿੱਚ ਹਰ ਪ੍ਰਕਾਰ ਦੀ ਫੌਰੀ ਮਦਦ ਮੁਹਈਆ ਕਰਵਾਉਣ ਲਈ ਦ੍ਰਿੜਤਾ ਨਾਲ ਕੰਮ ਕਰ ਰਹੀ ਹੈ ।ਸ ਖੁੱਡੀਆਂ ਨੇ ਕਿਹਾ ਕਿ ਵੱਖ–ਵੱਖ ਵਿਭਾਗਾਂ ਦੀਆਂ ਟੀਮਾਂ ਲਗਾਤਾਰ ਪ੍ਰਭਾਵਿਤ ਪਿੰਡਾਂ ਵਿੱਚ ਹਨ ਅਤੇ ਲੋਕਾਂ ਨੂੰ ਰਸਦ, ਪਸ਼ੂਆਂ ਲਈ ਚਾਰਾ ਅਤੇ ਫੀਡ ਪਹੁੰਚਾਈ ਜਾ ਰਹੀ ਹੈ। ਉਹਨਾਂ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜੋ ਅੱਠ ਰਾਹਤ ਕੈਂਪ ਬਣਾਏ ਗਏ ਹਨ ਉਥੇ ਵੀ ਲੋਕਾਂ ਨੂੰ ਲੰਗਰ ਅਤੇ ਹੋਰ ਰਸਦ ਅਤੇ ਰਾਹਤ ਸਮੱਗਰੀ ਬੇਰੋਕ ਟੋਕ ਭੇਜੀ ਜਾ ਰਹੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਫਸਲਾਂ ਦੇ ਹੋਏ ਨੁਕਸਾਨ ਸਬੰਧੀ ਗਿਰਦਾਵਰੀ ਕਰਨ ਦੇ ਪਹਿਲਾਂ ਹੀ ਹੁਕਮ ਦਿੱਤੇ ਹੋਏ ਹਨ ਅਤੇ ਘਰਾਂ ਨੂੰ ਹੋਏ ਨੁਕਸਾਨ ਦਾ ਵੀ ਵੇਰਵਾ ਇਕੱਤਰ ਕੀਤਾ ਜਾਵੇਗਾ ਅਤੇ ਉਸੇ ਅਨੁਸਾਰ ਮੁਆਵਜਾ ਦਿੱਤਾ ਜਾਵੇਗਾ।




# ਆਮ ਆਦਮੀ ਪਾਰਟੀ ਦੇ ਬਾਗੀ ਧੜੇ ਨੇ ਮੌਜੂਦਾ ਸਰਕਾਰ ਤੇ ਲਾਏ ਭਰਿਸ਼ਟਾਚਾਰ ਦੇ ਦੋਸ਼

ਬਰਨਾਲਾ (ਗੋਇਲ)–ਪ੍ਰੈੱਸ ਕਾਨਫਰੰਸ ਹਲਕਾ ਬਰਨਾਲਾ ਵਿੱਚ ਲੋਕਲ ਲੀਡਰਾ ਵਲੋ ਕੀਤੇ ਜਾ ਰਹੇ ਭ੍ਰਿਸ਼ਟਾਚਾਰ ਅਤੇ ਕਮਿਸ਼ਨਖੋਰੀ ਸਬੰਧੀ ਗਰਦੀਪ ਸਿੰਘ ਬਾਠ ਵੱਲੋ ਖੁਲਾਸੇ ਕੀਤੇ ਗਏ ਅਤੇ ਸੁਖਵਿੰਦਰ ਸਿੰਘ ਮੁੰਦਰੀ ਨੇ ਨਗਰ ਕੌਂਸਲ ਧਨੌਲਾ ਵਿਚ ਲੋਕਲ ਲੀਡਰਾ ਵਲੋ ਕੀਤੇ ਜਾ ਰਹੇ ਭ੍ਰਿਸ਼ਟਾਚਾਰ ਅਤੇ ਕਮਿਸ਼ਨਖੋਰੀ ਸਬੰਧੀ ਖੁਲਾਸੇ ਕੀਤੇ ! ਉਹਨਾਂ ਪੰਜਾਬ ਦੇ

ਮਾਨਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਸਹਿਬ ਤੋ ਲੋਕਲ ਲੀਡਰ ਤੇ ਕਾਰਵਾਈ ਕਰਨ ਲਈ ਅਪੀਲ ਕੀਤੀ ਅਤੇ ਲੋਕਲ ਲੀਡਰਾ ਵਲੋ ਕੀਤੇ ਜਾ ਰਹੇ ਭ੍ਰਿਸ਼ਟਾਚਾਰ ਅਤੇ ਕਮਿਸ਼ਨਖੋਰੀ ਤੇ ਕੇਸ ਦਰਜ ਕਰ ਕੇ ਜਾਂਚ ਕਰਨ ਦੀ ਬੇਨਤੀ ਕੀਤੀ ! ਉਹਨਾਂ

ਸਮੂਹ ਮੀਡੀਆ ਪੱਤਰਕਾਰ ਸਹਿਬਾਨ ਦਾ ਕਵਰੇਜ ਕਰਨ ਲਈ ਧੰਨਵਾਦ ਕੀਤਾ।



# ਸੀਆਈਐਸਐਫ ਨੇ ਭਾਰਤ ਦੇ ਹਾਈਬ੍ਰਿਡ ਬੰਦਰਗਾਹ ਸੁਰੱਖਿਆ ਮਾਡਲ ਨੂੰ ਮਜ਼ਬੂਤ ਕਰਨਾ ਸ਼ੁਰੂ ਕੀਤਾ - ਨਿੱਜੀ ਸੁਰੱਖਿਆ ਕਰਮਚਾਰੀਆਂ ਲਈ ਸਿਖਲਾਈ ਪਾਇਲਟ ਆਧਾਰ 'ਤੇ ਸ਼ੁਰੂ ਹੁੰਦੀ ਹੈ

ਜੇ ਕੇ ਬੱਤਾ ਚੰਡੀਗੜ੍ਹ-ਬੰਦਰਗਾਹਾਂ ਦਾ ਹਾਈਬ੍ਰਿਡ ਸੁਰੱਖਿਆ ਮਾਡਲ ਬਣਾਉਣ ਦੀ ਕੋਸ਼ਿਸ਼ ਵਿੱਚ, ਕੇਂਦਰੀ ਉਦਯੋਗਿਕ ਸੁਰੱਖਿਆ ਬਲ (ਸੀਆਈਐਸਐਫ) ਨੇ ਬੰਦਰਗਾਹਾਂ 'ਤੇ ਤਾਇਨਾਤ ਨਿੱਜੀ ਸੁਰੱਖਿਆ ਕਰਮਚਾਰੀਆਂ ਲਈ ਆਪਣਾ ਪਹਿਲਾ ਵਿਸ਼ੇਸ਼ ਸਿਖਲਾਈ ਕੋਰਸ ਸ਼ੁਰੂ ਕੀਤਾ ਹੈ। ਜਵਾਹਰ ਲਾਲ ਨਹਿਰੂ ਬੰਦਰਗਾਹ ਅਥਾਰਟੀ (ਜੇਐਨਪੀਏ) ਮੁੰਬਈ ਅਤੇ ਚੇਨਈ ਬੰਦਰਗਾਹ ਅਥਾਰਟੀ (ਸੀਐਚਪੀਏ) ਵਿਖੇ ਇੱਕੋ ਸਮੇਂ ਸ਼ੁਰੂ ਕੀਤੀ ਗਈ ਇਸ ਪਹਿਲਕਦਮੀ ਦਾ ਉਦੇਸ਼ ਨਿੱਜੀ ਸੁਰੱਖਿਆ ਕਰਮਚਾਰੀਆਂ ਦੀ ਸਮਰੱਥਾ ਨਿਰਮਾਣ, ਬੰਦਰਗਾਹ ਸੁਰੱਖਿਆ ਪ੍ਰੋਟੋਕੋਲ ਦੇ ਮਾਨਕੀਕਰਨ ਅਤੇ ਸਾਰੀਆਂ ਬੰਦਰਗਾਹਾਂ 'ਤੇ ਅੰਤਰਰਾਸ਼ਟਰੀ ਸਮੁੰਦਰੀ ਕੋਡਾਂ ਦੀ ਪਾਲਣਾ ਨੂੰ ਯਕੀਨੀ ਬਣਾ ਕੇ ਭਾਰਤ ਦੇ ਹਾਈਬ੍ਰਿਡ ਬੰਦਰਗਾਹ ਸੁਰੱਖਿਆ ਮਾਡਲ ਨੂੰ ਮਜ਼ਬੂਤ ਕਰਨਾ ਹੈ। ਭਾਰਤ ਵਿੱਚ ਲਗਭਗ 200 ਛੋਟੇ ਅਤੇ ਦਰਮਿਆਨੇ ਪੱਧਰ ਦੀਆਂ ਬੰਦਰਗਾਹਾਂ ਹਨ, ਜਿਨ੍ਹਾਂ ਵਿੱਚੋਂ ਸਿਰਫ 65-68 ਹੀ ਕਾਰਗੋ ਸੰਚਾਲਨ ਵਿੱਚ ਸਰਗਰਮੀ ਨਾਲ ਲੱਗੇ ਹੋਏ ਹਨ। ਜਦੋਂ ਕਿ ਸੀਆਈਐਸਐਫ ਸਾਰੇ 13 ਪ੍ਰਮੁੱਖ ਬੰਦਰਗਾਹਾਂ ਦੀ ਰਾਖੀ ਕਰਦਾ ਹੈ, ਨਿੱਜੀ ਸੁਰੱਖਿਆ ਏਜੰਸੀਆਂ ਛੋਟੇ ਬੰਦਰਗਾਹਾਂ 'ਤੇ ਕਾਰਗੋ ਖੇਤਰਾਂ, ਗੋਦਾਮਾਂ, ਪ੍ਰਵੇਸ਼ ਦੁਆਰ ਅਤੇ ਸਥਾਪਨਾਵਾਂ ਨੂੰ ਸੁਰੱਖਿਅਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਸਾਰੀਆਂ ਬੰਦਰਗਾਹਾਂ ਵਿੱਚ ਇਕਸਾਰ ਅਤੇ ਮਿਆਰੀ ਸੁਰੱਖਿਆ ਪ੍ਰੋਟੋਕੋਲ ਵਿਕਸਤ ਕਰਨ ਦੀ ਜ਼ਰੂਰਤ ਨੂੰ ਮਹਿਸੂਸ ਕਰਦੇ ਹੋਏ, ਇਸ ਮਾਮਲੇ 'ਤੇ ਸਾਰੇ ਹਿੱਸੇਦਾਰਾਂ (ਪੋਰਟ ਅਥਾਰਟੀ, ਕਸਟਮ ਵਿਭਾਗ, ਸ਼ਿਪਿੰਗ ਕੰਪਨੀਆਂ, ਮਾਲ ਏਜੰਟ ਆਦਿ) ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ




# ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਦਾ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਹੜ੍ਹ ਪੀੜਤ ਬੱਚਿਆ ਨੂੰ ਵੱਖ -ਵੱਖ ਸੇਵਾਵਾ ਮੁਹੱਇਆ ਕਰਵਾਉਣ ਲਈ ਵਚਨਬੱਧ

**ਹੜ੍ਹ ਵਿੱਚ ਫੱਸੇ ਲੋੜਬੰਦ ਬੱਚਿਆ ਨੂੰ ਨਜਦੀਕ ਦੇ ਚਾਈਲਡ ਕੇਅਰ ਇੰਸਟੀਚਿਊਸ਼ਨ ਵਿੱਚ ਦਾਖਲ ਕਰਵਾਇਆ ਜਾਵੇਗਾ**

ਫਾਜ਼ਿਲਕਾ (ਰਾਜ ਅਰੋੜਾ/ਪ੍ਰਵੀਨ ਕੁਮਾਰ)- ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਦੇ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵੱਲੋ ਹੜ੍ਹ ਪੀੜਤ ਬੱਚਿਆ ਨੂੰ ਵੱਖ -ਵੱਖ ਸੇਵਾਵਾ ਮੁਹੱਇਆ ਕਰਵਾਉਣ ਸਬੰਧੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਜੀ ਵਲੋਂ ਪ੍ਰਾਪਤ ਪੱਤਰ ਅਨੁਸਾਰ ਤੇ ਜਿਲਾ ਪ੍ਰੋਗਰਾਮ ਅਫਸਰ ਨਵਦੀਪ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰੀਤੂ ਬਾਲਾ ਵੱਲੋਂ ਅਪੀਲ ਕੀਤੀ ਜਾਦੀ ਹੈ ਕਿ ਹੜ੍ਹਾ ਨਾਲ ਪ੍ਰਭਾਵਿਤ ਇਲਾਕਿਆ ਵਿੱਚ ਫਸੇ ਬੱਚਿਆ ਨੂੰ ਵੱਖ-ਵੱਖ ਸੇਵਾਵਾ ਮੁਹਈਆ ਕਰਵਾਇਆ ਜਾਣ ਗਈਆ । ਹੜ੍ਹ ਵਿੱਚ ਫੱਸੇ ਲੋੜਬੰਦ ਬੱਚਿਆ ਨੂੰ ਨਜਦੀਕ ਦੇ ਚਾਈਲਡ ਕੇਅਰ ਇੰਸਟੀਚਿਊਸ਼ਨ ਵਿੱਚ ਦਾਖਲ ਕਰਵਾਇਆ ਜਾ ਸਕਦਾ ਹੈ ।ਬੱਚਿਆ ਦੀ ਮਨੋਵਿਗਿਆਨਿਕ, ਅਤੇ ਸਮਾਜਿਕ ਸੰਭਾਲ ਲਈ ਵਿਸੇਸ ਪ੍ਰਬੰਧ ਕੀਤੇ ਗਏ ਹਨ । ਇਨ੍ਹਾਂ ਬੱਚਿਆ ਨੂੰ ਹੋਮ ਵਿੱਚ ਹਰ ਤਰ੍ਹਾਂ ਦੀਆਂ ਰਿਹਾਇਸ, ਖਾਣਾ, ਸਿਖਿਆ, ਮੈਡੀਕਲ ਦੀ ਸੁਵਿਧਾ ਆਦਿ ਮੁਹਈਆਂ ਕਰਵਾਈਆਂ ਜਾਣਗੀਆ ।

ਆਮ ਜਨਤਾ ਨੂੰ ਅਪੀਲ ਕੀਤੀ ਜਾਦੀ ਹੈ ਕਿ ਕਿਸੇ ਨੂੰ ਵੀ ਇਸ ਤਰਾ ਦਾ ਕੋਈ ਬੱਚਾ ਮਿਲਦਾ ਹੈ ਤਾ 1098 ਜਾ 9809900003, 9501008979, 9465900040 ਨਾਲ ਸਪਰੰਕ ਕੀਤਾ ਜਾਵੇ ਜੀ ਜਾ ਅਫਸਰ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਏ- ਬਲਾੱਕ ਤੀਜੀ ਮੰਜਿਲ ਕਮਰਾ ਨੰ 405 ਨਾਲ ਤਾਲਮੇਲ ਕੀਤਾ ਜਾ ਸਕਦਾ ਹੈ।

# ਅਨਮੋਲ ਗਗਨ ਮਾਨ ਨੇ ਕੰਢੀ ਖੇਤਰ ਵਿੱਚ ਜਯੰਤੀ ਮਾਜਰੀ-ਗੁੜਾ ਕਸੌਲੀ ਸੜਕ 'ਤੇ ਪੁਲਾਂ ਦਾ ਨਿਰੀਖਣ ਕੀਤਾ

**ਜੋ ਹਾਲੀਆ ਬਾਰਿਸ਼ ਕਾਰਨ ਨੁਕਸਾਨੇ ਗਏ ਸਨ ਅਤੇ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ**

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ- ਖਰੜ ਹਲਕੇ ਦੇ ਕੰਢੀ ਖੇਤਰ ਵਿੱਚ ਜਯੰਤੀ ਮਾਜਰੀ-ਗੁੜਾ ਕਸੌਲੀ ਸੜਕ 'ਤੇ ਪੁਲ ਜੋ ਹਾਲੀਆ ਬਾਰਿਸ਼ ਕਾਰਨ ਨੁਕਸਾਨੇ ਗਏ ਸਨ ਅਤੇ ਕਈ ਪਿੰਡਾਂ ਦਾ ਸੰਪਰਕ ਕੱਟਿਆ ਗਿਆ ਸੀ, ਪੰਜਾਬ ਦੀ ਸਾਬਕਾ ਕੈਬਨਿਟ ਮੰਤਰੀ ਅਤੇ ਖਰੜ ਹਲਕੇ ਦੀ ਵਿਧਾਇਕਾ ਸ੍ਰੀਮਤੀ ਅਨਮੋਲ ਗਗਨ ਮਾਨ ਨੇ ਪਿੰਡ ਵਾਸੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਨੇ ਉੱਥੇ ਦੇ ਲੋਕਾਂ ਨੂੰ ਭਰੋਸਾ ਦਿੱਤਾ ਕਿ ਜਲਦੀ ਹੀ ਇੱਥੇ ਲਗਭਗ 13 ਕਰੋੜ 46 ਲੱਖ ਦੀ ਲਾਗਤ ਨਾਲ ਤਿੰਨ ਪੁਲ ਬਣਾਏ ਜਾਣਗੇ ਤਾਂ ਜੋ ਲੋਕਾਂ ਦੀ ਵੱਡੀ ਸਮੱਸਿਆ ਦਾ ਹੱਲ ਕੀਤਾ ਜਾ ਸਕੇ। ਇਸ ਇਲਾਕੇ ਨੂੰ ਬਰਸਾਤ ਦੇ ਮੌਸਮ ਦੌਰਾਨ ਹਮੇਸ਼ਾ ਬਹੁਤ ਨੁਕਸਾਨ ਹੁੰਦਾ ਹੈ। ਇਸ ਨੁਕਸਾਨ ਤੋਂ ਬਚਣ ਲਈ, ਆਉਣ ਵਾਲੇ ਸਮੇਂ ਵਿੱਚ ਇੱਕ ਢੁਕਵਾਂ ਢਾਂਚਾ ਵੀ ਤਿਆਰ ਕੀਤਾ ਜਾ ਰਿਹਾ ਹੈ, ਤਾਂ ਜੋ ਇਸ ਸਮੱਸਿਆ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਇਸ ਮੌਕੇ ਦਲਜੀਤ ਕਸੌਲੀ ਬਲਾਕ ਪ੍ਰਧਾਨ, ਗੁਰਦੀਪ ਸਿੰਘ ਬਗਿੰਦੀ, ਹੁਸਨ ਸਰਪੰਚ ਜੈਨਤੀ ਮਾਜਰੀ, ਜੈਕਰਮ ਨੰਬਰਦਾਰ, ਰੁਲਦਾ ਰਾਮ ਕਸੌਲੀ, ਭਾਗਚੰਦ ਸਾਬਕਾ ਸਰਪੰਚ, ਗੁਰਵਿੰਦਰ, ਲਲਿਤ, ਸੁੱਖੀ ਬਗਿੰਦੀ, ਅਨਿਲ ਭਾਟੀਆ, ਸੁਨੀਲ ਕੁਮਾਰ ਨਵਾਂਗਾਓਂ ਬਲਾਕ ਪ੍ਰਧਾਨ, ਜਗਤਾਰ ਨਾਡਾ, ਐਸ.ਡੀ.ਐਮ ਸਕੱਤਰ, ਐਸ.ਡੀ.ਐਮ., ਐਸ.ਡੀ.ਐਮ., ਜਗਤਾਰ ਨਾਡਾ, ਐਸ.ਡੀ.ਐਮ., ਐਸ.ਡੀ.ਐਮ. ਐਸ.ਡੀ.ਐਮ. ਸਕੱਤਰ, ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀ, ਮੈਡੀਕਲ ਸਟਾਫ਼ ਆਦਿ ਉਨ੍ਹਾਂ ਨਾਲ ਹਾਜ਼ਰ ਸਨ।.

# ਭਾਜਪਾ ਜ਼ਿਲ੍ਹਾ ਪ੍ਰਧਾਨ ਸ੍ਰੀ ਅਜੈ ਮਿੱਤਲ ਨੇ ਪ੍ਰਣਾਮ ਇੰਡੀਆ ਫਾਊਂਡੇਸ਼ਨ ਨਾਲ ਮਿਲ ਕੇ ਅਧਿਆਪਕਾਂ ਦਾ ਸਨਮਾਨ ਕੀਤਾ ਅਤੇ ਅਧਿਆਪਕ ਦਿਵਸ ਮਨਾਇਆ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ -ਅਧਿਆਪਕ ਦਿਵਸ ਦੇ ਮੌਕੇ 'ਤੇ, ਪ੍ਰਣਾਮ ਇੰਡੀਆ ਫਾਊਂਡੇਸ਼ਨ ਨੇ ਪੰਚਕੂਲਾ ਦੇ ਸੈਕਟਰ-20 ਸਥਿਤ ਫਤਿਹਪੁਰ ਸਥਿਤ ਸਰਕਾਰੀ ਸੰਸਕ੍ਰਿਤ ਸਕੂਲ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਮੌਕੇ ਭਾਜਪਾ ਜ਼ਿਲ੍ਹਾ ਪੰਚਕੂਲਾ ਦੇ ਪ੍ਰਧਾਨ ਸ੍ਰੀ ਅਜੈ ਮਿੱਤਲ ਮੁੱਖ ਮਹਿਮਾਨ ਵਜੋਂ ਮੌਜੂਦ ਸਨ ਅਤੇ ਫਾਊਂਡੇਸ਼ਨ ਦੀ ਸੰਸਥਾਪਕ ਸ੍ਰੀਮਤੀ ਸ਼ਾਲੂ ਗੁਪਤਾ ਦੇ ਨਾਲ ਸਕੂਲ ਦੇ ਅਧਿਆਪਕਾਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ। ਪ੍ਰੋਗਰਾਮ ਵਿੱਚ ਭਾਜਪਾ ਜ਼ਿਲ੍ਹਾ ਪੰਚਕੂਲਾ ਦੇ ਉਪ ਪ੍ਰਧਾਨ ਸ੍ਰੀ ਟੋਨੀ ਗੁਪਤਾ ਅਤੇ ਭਾਜਪਾ ਜ਼ਿਲ੍ਹਾ ਪੰਚਕੂਲਾ ਦੇ ਮੀਡੀਆ ਇੰਚਾਰਜ ਸ੍ਰੀ ਲਲਿਤ ਗੋਇਲ ਵਿਸ਼ੇਸ਼ ਮਹਿਮਾਨਾਂ ਵਜੋਂ ਮੌਜੂਦ ਸਨ। ਸਕੂਲ ਦੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਸ੍ਰੀ ਅਜੈ ਮਿੱਤਲ ਨੇ ਕਿਹਾ ਕਿ ÷ਅਧਿਆਪਕ ਵਿਦਿਆਰਥੀਆਂ ਦੇ ਭਵਿੱਖ ਦਾ ਮਾਰਗਦਰਸ਼ਨ ਕਰਦੇ ਹਨ, ਇਸ ਲਈ ਹਰ ਵਿਦਿਆਰਥੀ ਨੂੰ ਆਪਣੇ ਅਧਿਆਪਕਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ ਅਤੇ ਉਨ੍ਹਾਂ ਦੁਆਰਾ ਦਿਖਾਏ ਗਏ ਮਾਰਗ 'ਤੇ ਚੱਲ ਕੇ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ।÷ ਉਨ੍ਹਾਂ ਨੇ ਸਾਰੇ ਅਧਿਆਪਕਾਂ ਨੂੰ ਅਧਿਆਪਕ ਦਿਵਸ ਦੀਆਂ ਸ਼ੁਭਕਾਮਨਾਵਾਂ ਵੀ ਦਿੱਤੀਆਂ। ਸ੍ਰੀ ਟੋਨੀ ਗੁਪਤਾ ਨੇ ਆਪਣੇ ਜੀਵਨ ਦੀਆਂ ਪ੍ਰੇਰਨਾਦਾਇਕ ਕਹਾਣੀਆਂ ਸਾਂਝੀਆਂ ਕਰਕੇ ਬੱਚਿਆਂ ਅਤੇ ਅਧਿਆਪਕਾਂ ਨੂੰ ਪ੍ਰੇਰਿਤ ਕੀਤਾ। ਫਾਊਂਡੇਸ਼ਨ ਦੀ ਸੰਸਥਾਪਕ ਸ਼੍ਰੀਮਤੀ ਸ਼ਾਲੂ ਗੁਪਤਾ ਨੇ ਸਾਰਿਆਂ ਨੂੰ ਅਧਿਆਪਕ ਦਿਵਸ ਦੀ ਵਧਾਈ ਦਿੱਤੀ ਅਤੇ ਕਿਹਾ ਕਿ ÷ਇੱਕ ਚੰਗਾ ਅਧਿਆਪਕ ਸਮਾਜ ਦੀ ਸੱਚੀ ਪੂੰਜੀ ਹੁੰਦਾ ਹੈ।÷ ਪ੍ਰੋਗਰਾਮ ਦੇ ਅੰਤ ਵਿੱਚ, ਸਕੂਲ ਦੇ ਪ੍ਰਿੰਸੀਪਲ ਅਤੇ ਸਟਾਫ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।



# ਗੁਰਪ੍ਰੀਤ ਸਿੰਘ ਸੋਡੀ ਵੱਲੋ ਹੜ੍ਹ ਪ੍ਰਭਾਵਿਤ ਸ੍ਰੀ ਹਰਗੋਬਿੰਦਪੁਰ ਦੇ ਵੱਖ-ਵੱਖ ਪਿੰਡ ਦਾ ਦੌਰਾ ਕੀਤਾ

**ਸੰਕਟ ਦੀ ਇਸ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਨਾਲ ਖੜੀ - ਗੁਰਪ੍ਰੀਤ ਸਿੰਘ ਸੋਡੀ**

ਗੁਰਦਾਸਪੁਰ ( ਜਸਵਿੰਦਰ ਸਿੰਘ ) - ਹਲਕਾ ਸ਼੍ਰੀ ਹਰਗੋਬਿੰਦਪੁਰ ਸਾਹਿਬ ਦੇ ਨੇੜੇ ਪੈਂਦੇ ਪਿੰਡ ਮਾੜੀ ਪਨਵਾ ਦੇ ਬੇਟ ਇਲਾਕੇ ਵਿੱਚ ਰਹਿੰਦੇ ਪਰਿਵਾਰਾਂ ਨੂੰ ਇਸ ਆਫਤ ਦੇ ਵੇਲੇ ਜੋ ਆਪਣੇ ਘਰ ਬਾਰ ਛੱਡ ਕੇ ਮੇਨ ਹਾਈਵੇ ਤੇ ਆ ਚੁੱਕੇ ਹਨ ਉਹਨਾਂ ਦੀ ਮਦਦ ਲਈ ਅੱਜ ਸ਼੍ਰੀ ਹਰਗੋਬਿੰਦਪੁਰ ਟਾਂਡਾ ਰੋਡ ਵਿਖੇ ਪਿੰਡ ਮਾੜੀ ਪਨੂਆਂ ਦੇ ਬੇਟ ਵਿੱਚ ਰਹਿੰਦੇ ਪਰਿਵਾਰਾਂ ਨੂੰ ਰਾਸ਼ਨ ਅਤੇ ਪਸ਼ੂਆਂ ਲਈ ਚੋਕਰ ਦੀ ਸੇਵਾ ਕੀਤੀ ਗਈ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਗੁਰਪ੍ਰੀਤ ਸਿੰਘ ਸੋਡੀ ਜ਼ਿਲ੍ਹਾ ਯੋਜਨਾ ਬੋਰਡ ਮੈਂਬਰ ਗੁਰਦਾਸਪੁਰ ਵੱਲੋਂ ਅੱਜ ਹੜ੍ਹ ਪ੍ਰਭਾਵਿਤ ਸ੍ਰੀ ਹਰਗੋਬਿੰਦਪੁਰ ਹਲਕੇ ਦੇ ਵੱਖ-ਵੱਖ ਪਿੰਡ ਦਾ ਦੌਰਾ ਕੀਤਾ ਗਿਆ ਇਸ ਮੌਕੇ ਉਨ੍ਹਾਂ ਨੇ ਹੜ੍ਹ ਕਾਰਨ ਇਨ੍ਹਾਂ ਪਿੰਡਾਂ ਵਿੱਚ ਲੋਕਾਂ ਦੇ ਮਕਾਨਾਂ ਤੇ ਹੋਰ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਹੜ੍ਹ ਪੀੜ੍ਹਤ ਵਿਅਕਤੀਆਂ ਨਾਲ ਗੱਲ ਕਰਦਿਆਂ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਇਸ ਸੰਕਟ ਦੀ ਘੜ੍ਹੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਸੂਬਾ ਸਰਕਾਰ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਕਰੇਗੀ ਤੇ ਉਹਨਾ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੱਕ ਪਹੁੰਚ ਕਰਕੇ ਜਿਨ੍ਹਾਂ ਲੋਕਾਂ ਦਾ ਨੁਕਸਾਨ ਹੋਇਆ ਹੈ ਉਸਦਾ ਮੁਆਵਜ਼ਾ ਦਿਵਾਉਣ ਦੀ ਚਾਰਾਜੋਏ ਕਰਨਗੇ ਇਸ ਮੌਕੇ ਤੇ ਬਲਾਕ ਪ੍ਰਧਾਨ ਸਾਹਿਬਾਨ ਰੁਪਿੰਦਰ ਸਿੰਘ,ਰੋਮੀ ਮਨਿੰਦਰ ਪਾਲ ਸਿੰਘ, ਹਨੀ ਦਿਓਲ, ਰਾਜਨ ਲੂੰਬਾ, ਸੁਰਿੰਦਰ ਸਿੰਘ ਰਿੰਕੂ, ਜਿਲਾ ਪ੍ਰਧਾਨ ਮੀਡੀਆ ਪਰਮਵੀਰ ਸਿੰਘ ਰਾਣਾ, ਹੈਪੀ ਖੁੱਲਰ ਸੁਖਵਿੰਦਰ ਸਿੰਘ ਲਾਲੀ ਸਰਪੰਚ, ਨਵਾਂ ਬਲੜਵਾਲ, ਬਲਾਕ ਪ੍ਰਭਾਰੀ ਸੁਖਦੇਵ ਸਿੰਘ ਅਤੇ ਹੋਰ ਮੋਦਵਾਰ ਸੱਜਣ ਅਤੇ ਪਿੰਡ ਵਾਸੀ ਹਾਜ਼ਰ ਸਨ



# ਭਾਜਪਾ ਦੇ ਸੁਭਾਸ਼ ਸ਼ਰਮਾ, ਸੰਜੀਵ ਵਸ਼ਿਸ਼ਟ, ਐਨ ਕੇ ਵਰਮਾ ਅਤੇ ਰਵੀ ਸ਼ਰਮਾ ਨੇ ਦਰਭੰਗਾ ਵਿੱਚ ਪ੍ਰਧਾਨ ਮੰਤਰੀ ਅਤੇ ਉਨ੍ਹਾਂ ਦੀ ਮਾਂ ਵਿਰੁੱਧ ਵਰਤੀ ਗਈ ਅਪਮਾਨਜਨਕ ਭਾਸ਼ਾ 'ਤੇ ਸਖ਼ਤ ਇਤਰਾਜ਼ ਜਤਾਇਆ

ਜੇ ਕੇ ਬੱਤਾ ਖਰੜ - ਨਿਊ ਚੰਡੀਗੜ੍ਹ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਉਪ ਮੁਖੀ ਸੁਭਾਸ਼ ਸ਼ਰਮਾ, ਜ਼ਿਲ੍ਹਾ ਮੋਹਾਲੀ ਭਾਜਪਾ ਮੁਖੀ ਸੰਜੀਵ ਵਸ਼ਿਸ਼ਟ, ਪੰਜਾਬ ਭਾਜਪਾ ਕਾਨੂੰਨੀ ਸੈੱਲ ਦੇ ਕਨਵੀਨਰ ਸ੍ਰੀ ਐਨਕੇ ਵਰਮਾ ਅਤੇ ਜ਼ਿਲ੍ਹਾ ਮੋਹਾਲੀ ਸਪੋਰਟਸ ਐਸੋਸੀਏਸ਼ਨ ਦੇ ਮੁਖੀ ਰਵੀ ਸ਼ਰਮਾ ਨੇ ਦਰਭੰਗਾ ਵਿੱਚ ਕਾਂਗਰਸ ਅਤੇ ਆਰਜੇਡੀ ਮੰਚਾਂ ਤੋਂ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਉਨ੍ਹਾਂ ਦੀ ਸਵਰਗੀ ਮਾਤਾ ਵਿਰੁੱਧ ਕੀਤੀਆਂ ਗਈਆਂ ਅਪਮਾਨਜਨਕ ਅਤੇ ਅਸ਼ਲੀਲ ਟਿੱਪਣੀਆਂ ਦੀ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮੰਦਭਾਗਾ ਹੈ ਕਿ ਰਾਹੁਲ ਗਾਂਧੀ ਨੇ ਮੰਚਾਂ ਤੋਂ ਪ੍ਰਧਾਨ ਮੰਤਰੀ ਵਰਗੇ ਸੰਵਿਧਾਨਕ ਅਹੁਦੇ 'ਤੇ ਬੈਠੇ ਵਿਅਕਤੀ ਵਿਰੁੱਧ ਖੁੱਲ੍ਹ ਕੇ ਅਪਮਾਨਜਨਕ ਅਤੇ ਅਸ਼ਲੀਲ ਭਾਸ਼ਾ ਦੀ ਵਰਤੋਂ ਕੀਤੀ। ਇਹ ਨਾ ਸਿਰਫ਼ ਪ੍ਰਧਾਨ ਮੰਤਰੀ 'ਤੇ ਹਮਲਾ ਹੈ, ਸਗੋਂ ਪੂਰੇ ਦੇਸ਼ ਦੀ ਸ਼ਾਨ ਨੂੰ ਠੇਸ ਪਹੁੰਚਾਉਣ ਵਾਲਾ ਕੰਮ ਹੈ। ਸ੍ਰੀ ਵਰਮਾ ਅਤੇ ਸੀਨੀਅਰ ਆਗੂਆਂ ਨੇ ਕਿਹਾ ਕਿ ਕਾਂਗਰਸ ਪਾਰਟੀ ਦਾ ਇਤਿਹਾਸ ਲੋਕਤੰਤਰ ਵਿਰੋਧੀ ਰਿਹਾ ਹੈ। ਦੇਸ਼ ਨੇ ਕਾਂਗਰਸ ਦੇ ਰਾਜ ਦੌਰਾਨ 1947 ਦੀ ਵੰਡ, 1974 ਦਾ ਅੰਦੋਲਨ, 1975 ਦੀ ਐਮਰਜੈਂਸੀ ਅਤੇ 1984 ਦੇ ਦੰਗਿਆਂ ਵਰਗੇ ਕਾਲੇ ਅਧਿਆਏ ਦੇਖੇ ਹਨ। ਇਹ ਉਹੀ ਪਾਰਟੀ ਹੈ ਜਿਸਨੇ ਸੰਵਿਧਾਨ 'ਤੇ ਸਹੁੰ ਚੁੱਕਣ ਦੇ ਬਾਵਜੂਦ ਵਾਰ-ਵਾਰ ਲੋਕਤੰਤਰ ਨੂੰ ਲਤਾੜਿਆ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਕਿਸੇ ਪਾਰਟੀ ਨਾਲ ਨਹੀਂ ਸਗੋਂ ਪੂਰੇ ਦੇਸ਼ ਨਾਲ ਸਬੰਧਤ ਹਨ ਅਤੇ ਭਾਰਤ ਮਾਤਾ ਅਜਿਹੇ ਅਪਮਾਨਜਨਕ ਵਿਵਹਾਰ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰ ਸਕਦੀ। ਐਨ.ਕੇ. ਵਰਮਾ ਅਤੇ ਹੋਰਾਂ ਨੇ ਮੰਗ ਕੀਤੀ ਹੈ ਕਿ ਅਜਿਹੀ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਜਿਹੇ ਲੋਕ ਨਾ ਤਾਂ ਦੇਸ਼ ਦੇ ਨੇਤਾ ਕਹਾਉਣ ਦੇ ਯੋਗ ਹਨ ਅਤੇ ਨਾ ਹੀ ਵਿਰੋਧੀ ਧਿਰ ਦੇ ਨੇਤਾ ਬਣਨ ਦੇ। ਇਹ ਦੇਸ਼ ਦੇ ਰਾਜਨੀਤਿਕ ਸੱਭਿਆਚਾਰ ਅਤੇ ਲੋਕਤੰਤਰੀ ਕਦਰਾਂ-ਕੀਮਤਾਂ 'ਤੇ ਡੂੰਘਾ ਹਮਲਾ ਹੈ, ਜਿਸਦਾ ਹਰ ਜ਼ਿੰਮੇਵਾਰ ਨਾਗਰਿਕ ਵਿਰੋਧ ਕਰੇਗਾ।



# ਪੰਜਾਬ ’ਚ ਰਾਹਤ ਕਾਰਜ ਜ਼ੋਰਾਂ ’ਤੇ: ਪਿਛਲੇ 24 ਘੰਟੇ ’ਚ 4711 ਹੜ੍ਹ ਪੀੜਤ ਸੁਰੱਖਿਅਤ ਥਾਵਾਂ ’ਤੇ ਪਹੁੰਚਾਏ

## ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਹੁਣ ਤੱਕ ਕੁੱਲ 11330 ਵਿਅਕਤੀ ਬਾਹਰ ਕੱਢੇ

ਚੰਡੀਗੜ੍ਹ, (ਲੋਕ ਬਾਣੀ)-ਪੰਜਾਬ ਸਰਕਾਰ ਦੀ ਮੁਸ਼ਤੈਦੀ ਅਤੇ ਸਰਗਰਮ ਭੂਮਿਕਾ ਸਦਕਾ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚੋਂ ਪਿਛਲੇ 24 ਘੰਟਿਆਂ ਦੌਰਾਨ ਕੁੱਲ 4711 ਲੋਕਾਂ ਨੂੰ ਬਾਹਰ ਕੱਢ ਕੇ ਸੁਰੱਖਿਅਤ ਥਾਵਾਂ ਉੱਤੇ ਪਹੁੰਚਾਇਆ ਗਿਆ ਹੈ। ਇਸ ਵਿੱਚ ਫਿਰੋਜ਼ਪੁਰ ਦੇ 812 ਬਾਸ਼ਿੰਦੇ, ਗੁਰਦਾਸਪੁਰ ਦੇ 2571, ਮੋਗਾ ਦੇ 4, ਤਰਨ ਤਾਰਨ ਦੇ 60, ਬਰਨਾਲਾ ਦੇ 25 ਅਤੇ ਫਾਜ਼ਿਲਕਾ ਦੇ 1239 ਵਾਸੀ ਸ਼ਾਮਿਲ ਹਨ। ਵੱਖ ਵੱਖ ਜ਼ਿਲ੍ਹਿਆਂ ਤੋਂ ਮਿਲੀਆਂ ਰਿਪੋਰਟਾਂ ਅਨੁਸਾਰ 9 ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦੇ ਹੁਣ ਤੱਕ 11330 ਲੋਕਾਂ ਨੂੰ ਹੜ੍ਹ ਦੇ ਪਾਣੀ ਤੋਂ ਬਚਾਇਆ ਗਿਆ ਹੈ। ਇਨ੍ਹਾਂ ਵਿੱਚ ਫਿਰੋਜ਼ਪੁਰ ਦੇ 2819, ਹੁਸ਼ਿਆਰਪੁਰ ਦੇ 1052, ਕਪੂਰਥਲਾ ਦੇ 240, ਗੁਰਦਾਸਪੁਰ ਦੇ 4771, ਮੋਗਾ ਦੇ 24, ਪਠਾਨਕੋਟ ਦੇ 1100, ਤਰਨ ਤਾਰਨ ਦੇ 60, ਬਰਨਾਲਾ ਦੇ 25 ਅਤੇ ਫਾਜ਼ਿਲਕਾ ਦੇ 1239 ਬਾਸ਼ਿੰਦੇ ਸ਼ਾਮਿਲ ਹਨ। ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਬਣਾਏ ਕੁੱਲ 87 ਰਾਹਤ ਕੈਂਪਾਂ ਵਿੱਚੋਂ ਇਸ ਵੇਲੇ 77 ਪੂਰੀ ਤਰ੍ਹਾਂ ਚੱਲ ਰਹੇ ਹਨ। ਇਨ੍ਹਾਂ ਕੈਂਪਾਂ ਵਿੱਚ ਕੁੱਲ 4729 ਲੋਕਾਂ ਨੇ ਬਸੇਰਾ ਕੀਤਾ ਹੋਇਆ ਹਨ। ਪ੍ਰਸ਼ਾਸ਼ਨ ਇਨ੍ਹਾਂ ਸਾਰੇ ਲੋਕਾਂ ਦਾ ਹਰ ਤਰ੍ਹਾਂ ਦਾ ਖਿਆਲ ਰੱਖ ਰਿਹਾ ਹੈ। ਕਪੂਰਥਲਾ ਵਿੱਚ ਬਣਾਏ 4 ਰਾਹਤ ਕੈਂਪਾਂ ਵਿੱਚ 110 ਲੋਕ ਰਹਿ ਰਹੇ ਹਨ। ਇਸੇ ਤਰ੍ਹਾਂ ਫਿਰੋਜ਼ਪੁਰ ਦੇ 8 ਰਾਹਤ ਕੈਂਪਾਂ ਵਿੱਚ 3450 ਲੋਕ ਅਤੇ ਹੁਸ਼ਿਆਰਪੁਰ ਦੇ 20 ਰਾਹਤ ਕੈਂਪਾਂ ਵਿੱਚ 478 ਲੋਕ ਰਹਿ ਰਹੇ ਹਨ। ਗੁਰਦਾਸਪੁਰ ਦੇ 22 ਰਾਹਤ ਕੈਂਪਾਂ ਵਿੱਚੋਂ 12 ਚੱਲ ਰਹੇ ਹਨ ਜਿੱਥੇ 255 ਲੋਕ ਰਹਿ ਰਹੇ ਹਨ। ਪਠਾਨਕੋਟ ਦੇ 14 ਰਾਹਤ ਕੈਂਪਾਂ ਵਿੱਚ 411 ਲੋਕ ਅਤੇ ਬਰਨਾਲਾ ਦੇ 1 ਰਾਹਤ ਕੈਂਪ ਵਿੱਚ 25 ਹੜ੍ਹ ਪ੍ਰਭਾਵਿਤ ਲੋਕ ਰਹਿ ਰਹੇ ਹਨ। ਫਾਜ਼ਿਲਕਾ ਵਿੱਚ ਵੀ 11, ਮੋਗਾ ’ਚ 5 ਅਤੇ ਅੰਮ੍ਰਿਤਸਰ ਵਿੱਚ 2 ਰਾਹਤ ਕੈਂਪ ਸਥਾਪਿਤ ਕੀਤੇ ਗਏ ਹਨ। ਇੱਕ ਬੁਲਾਰੇ ਨੇ ਦੱਸਿਆ ਕਿ ਕਪੂਰਥਲਾ ਵਿੱਚ ਪ੍ਰਸ਼ਾਸ਼ਨ ਵੱਲੋਂ 15, 27, 28 ਅਤੇ 29 ਅਗਸਤ ਨੂੰ ਰਾਹਤ ਸਮੱਗਰੀ ਦੀ ਵੰਡ ਕੀਤੀ ਗਈ ਹੈ ਅਤੇ ਲੋੜ ਮੁਤਾਬਿਕ ਇਹ ਅੱਗੋਂ ਵੀ ਜਾਰੀ ਰਹੇਗੀ। ਇਸੇ ਤਰ੍ਹਾਂ ਫਿਰੋਜ਼ਪੁਰ, ਗੁਰਦਾਸਪੁਰ, ਮੋਗਾ, ਪਠਾਨਕੋਟ, ਫਾਜ਼ਿਲਕਾ ਅਤੇ ਬਰਨਾਲਾ ਵਿੱਚ ਵੀ ਹੜ੍ਹ ਪੀੜਤਾਂ ਨੂੰ ਲਗਾਤਾਰ ਰਾਹਤ ਸਮੱਗਰੀ ਦੀ ਵੰਡ ਕੀਤੀ ਜਾ ਰਹੀ ਹੈ।

# ਦਲਜੀਤ ਸਿੰਘ ਲੱਕੀ ਵੱਲੋਂ ਹੜ੍ਹ ਪ੍ਰਭਾਵਿਤ ਹਲਕਾ ਫਹਿਤਗੜ੍ਹ ਚੂੜੀਆਂ ਦੇ ਪਿੰਡ ਦਾ ਦੌਰਾ

## ਸੰਕਟ ਦੀ ਇਸ ਘੜੀ ਵਿੱਚ ਪੰਜਾਬ ਸਰਕਾਰ ਆਪਣੇ ਲੋਕਾਂ ਨਾਲ ਖੜੀ - ਚੇਅਰਮੈਨ ਰਾਜੀਵ ਸ਼ਰਮਾ

ਗੁਰਦਾਸਪੁਰ ( ਜਸਵਿੰਦਰ ਸਿੰਘ ) – ਦਲਜੀਤ ਸਿੰਘ ਲੱਕੀ ਜ਼ਿਲ੍ਹਾ ਯੋਜਨਾ ਬੋਰਡ ਮੈਂਬਰ ਗੁਰਦਾਸਪੁਰ ਵੱਲੋਂ ਅੱਜ ਹੜ੍ਹ ਪ੍ਰਭਾਵਿਤ ਹਲਕਾ ਫਹਿਤਗੜ ?ਵ ਚੂੜੀਆਂ ਦੇ ਪਿੰਡ ਦਾ ਦੌਰਾ ਕੀਤਾ ਗਿਆ ਇਸ ਮੌਕੇ ਉਨ੍ਹਾਂ ਨੇ ਹੜ੍ਹ ਕਾਰਨ ਇਨ੍ਹਾਂ ਪਿੰਡਾਂ ਵਿੱਚ ਲੋਕਾਂ ਦੇ ਮਕਾਨਾਂ ਤੇ ਹੋਰ ਹੋਏ ਨੁਕਸਾਨ ਦਾ ਜਾਇਜ਼ਾ ਲਿਆ ਹੜ੍ਹ ਪੀੜ੍ਹਤ ਵਿਅਕਤੀਆਂ ਨਾਲ ਗੱਲ ਕਰਦਿਆਂ ਦਲਜੀਤ ਸਿੰਘ ਨੇ ਕਿਹਾ ਕਿ ਇਸ ਸੰਕਟ ਦੀ ਘੜੀ ਵਿੱਚ ਪੰਜਾਬ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਹ ਭਰੋਸਾ ਦਿੱਤਾ ਗਿਆ ਹੈ ਕਿ ਸੂਬਾ ਸਰਕਾਰ ਹੜ੍ਹਾਂ ਨਾਲ ਹੋਏ ਨੁਕਸਾਨ ਦੀ ਭਰਪਾਈ ਕਰੇਗੀ ਤੇ ਉਹਨਾ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਤੱਕ ਪਹੁੰਚ ਕਰਕੇ ਜਿਨ੍ਹਾਂ ਲੋਕਾਂ ਦਾ ਨੁਕਸਾਨ ਹੋਇਆ ਹੈ ਉਸਦਾ ਮੁਆਵਜ਼ਾ ਦਿਵਾਉਣ ਦੀ ਚਾਰਾਜੋਈ ਕਰਨਗੇ ਇਸ ਮੌਕੇ ਉਨ੍ਹਾਂ ਨਾਲ ਦਲਜੀਤ ਸਿੰਘ ਲੱਕੀ ਜ਼ਿਲ੍ਹਾ ਯੋਜਨਾ ਬੋਰਡ ਮੈਂਬਰ ਤੋਂ ਇਲਾਵਾ ਇਲਾਕੇ ਦੇ ਹੋਰ ਵੀ ਮੁਹਤਬਰ ਹਾਜ਼ਰ ਸਨ



# ਇੰਡੀਅਨ ਏਅਰਫੋਰਸ ਦੀ ਭਰਤੀ ਰੈਲੀ ਦਾ ਚੌਥੇ ਦਿਨ ; ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ 3500 ਉਮੀਦਵਾਰਾਂ ਨੇ ਲਿਆ ਭਾਗ

ਜਲੰਧਰ (ਲੋਕ ਬਾਣੀ)- : ਇੰਡੀਅਨ ਏਅਰਫੋਰਸ ਦੀ ਭਰਤੀ ਰੈਲੀ ਦੇ ਚੌਥੇ ਦਿਨ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਕਰੀਬ 3500 ਉਮੀਦਵਾਰਾਂ ਨੇ ਭਾਗ ਲਿਆ।

ਡਿਪਟੀ ਡਾਇਰੈਕਟਰ, ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖ਼ਲਾਈ ਬਿਊਰੋ ਨੀਲਮ ਮਹੇ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਥਾਨਕ ਸਰਕਾਰੀ ਆਰਟਸ ਤੇ ਸਪੋਰਟਸ ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਇੰਡੀਅਨ ਏਅਰਫੋਰਸ ਦੀ ਭਰਤੀ ਰੈਲੀ ਕਰਵਾਈ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸ਼ਨੀਵਾਰ ਨੂੰ ਭਰਤੀ ਰੈਲੀ ਦੇ ਚੌਥੇ ਦਿਨ, ਜੋ ਕਿ ਵਿਸ਼ੇਸ਼ ਕਰਕੇ ਪੰਜਾਬ ਨਾਲ ਸਬੰਧਿਤ ਉਮੀਦਵਾਰਾਂ ਦਾ ਦਿਨ ਸੀ, ਵਿੱਚ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਤਕਰੀਬਨ 3500 ਉਮੀਦਵਾਰਾਂ ਨੇ ਭਾਗ ਲਿਆ ।



ਡੀ.ਸੀ.ਪੀ. ਨਰੇਸ਼ ਕੁਮਾਰ ਡੋਗਰਾ ਅਤੇ ਐਸ.ਡੀ.ਐਮ. ਆਦਮਪੁਰ ਵਿਵੇਕ ਕੁਮਾਰ ਮੋਦੀ (ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ, ਪੇਂਡੂ ਵਿਕਾਸ) ਵੱਲੋਂ ਰੈਲੀ ਦਾ ਵਿਸ਼ੇਸ਼ ਤੌਰ ’ਤੇ ਦੌਰਾ ਕੀਤਾ ਗਿਆ। ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਅੱਜ ਦੀ ਰੈਲੀ ਵਿੱਚ ਦੌੜ ਵਿੱਚ ਸਫ਼ਲ ਰਹੇ 2500 ਦੇ ਕਰੀਬ ਉਮੀਦਵਾਰ ਕੱਲ ਲਿਖਤੀ ਪ੍ਰੀਖਿਆ ਵਿੱਚ ਅਪੀਅਰ ਹੋਣਗੇ।














